ਅੱਜ ਦਾ ਸ਼ੁਭ ਵਿਚਾਰ



ਕਿਸੇ ਨਾਲ ਈਰਖਾ ਕਰਕੇ ਅਸੀਂ ਉਸ ਦਾ ਕੁੱਝ ਨਹੀਂ ਵਿਗਾੜ ਸਕਦੇ ਪਰ ਆਪਣਾ ਸੁੱਖ ਚੈਨ ਜ਼ਰੂਰ ਗਵਾ ਲੈਂਦੇ ਹਾਂ

ਸਮਾਜ ਸੇਵੀ ਹਰਵਿੰਦਰ ਕੌਰ ਪੰਮੀ

ਰੋਜ਼ਾਨਾ ਲੋਕ ਬਾਣੀ
www.lokbani.com

ਸੱਚ ਤੇ ਨਿਡਰ ਆਵਾਜ਼

# ਰੋਜ਼ਾਨਾ ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ਨੀਵਾਰ, 13 ਜੁਲਾਈ 2024



ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ
99155-94111



R. N. I. Punpun/29016/2008 ✶ ਸਾਲ 16 , ✶ ਅੰਕ : 40, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111


## ਕੈਨੇਡਾ ਵਿੱਚ ਚਾਰ ਦਿਨਾਂ ਚ ਛੇ ਪੰਜਾਬੀਆਂ ਸਣੇ 16 ਹਲਾਕ

ਵੈਨਕੂਵਰ (ਲੋਕ ਬਾਣੀ)-ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਸੂਬੇ ਵਿਚ ਲੰਘੇ ਚਾਰ ਦਿਨਾਂ 'ਚ ਵੱਖ ਵੱਖ ਥਾਵਾਂ 'ਤੇ ਵਾਪਰੇ ਸੜਕ ਹਾਦਸਿਆਂ ਵਿਚ 6 ਪੰਜਾਬੀਆਂ ਸਣੇ 16 ਲੋਕਾਂ ਦੀ ਮੌਤ ਹੋ ਗਈ। ਮਰਨ ਵਾਲੇ ਪੰਜਾਬੀਆਂ ਵਿਚੋਂ ਇੱਕੋ ਪਰਿਵਾਰ ਦੇ ਚਾਰ ਜਣੇ ਸ਼ਾਮਲ ਹਨ ਜੋ ਘਟਨਾ ਵੇਲੇ ਕਾਰ 'ਚ ਸਵਾਰ ਸਨ। ਇਹ ਹਾਦਸਾ ਬੁੱਧਵਾਰ ਸ਼ਾਮ ਓਕਨਾਗਨ ਖੇਤਰ ਦੇ ਸ਼ਹਿਰ ਕੈਰੇਮੌਸ ਨੇੜੇ ਹਾਈਵੇਅ ਨੰਬਰ ਤਿੰਨ 'ਤੇ ਹੋਇਆ ਜਿੱਥੇ ਟਰੱਕ ਨੇ ਸਾਹਮਣਿਉਂ ਆਉਂਦੀਆਂ ਦੋ ਕਾਰਾਂ ਨੂੰ ਟੱਕਰ ਮਾਰ ਦਿੱਤੀ। ਇਸ ਹਾਦਸੇ ਵਿਚ ਟਰੱਕ ਡਰਾਈਵਰ ਅਤੇ ਪਿੱਛੇ ਵਾਲੀ ਕਾਰ ਦੀ ਡਰਾਈਵਰ ਔਰਤ



ਜ਼ਖਮੀ ਹੋ ਗਏ ਪਰ ਮੂਹਰਲੀ ਕਾਰ ਵਿਚ ਬੈਠੇ ਪੰਜਾਬੀ ਪਰਿਵਾਰ ਦੇ ਚਾਰੇ ਜੀਅ ਮਾਰੇ ਗਏ। ਉਹ ਐਬਸਟਫੋਰਡ ਦੇ ਰਹਿਣ ਵਾਲੇ ਸਨ, ਜਿਨ੍ਹਾਂ ਦੀ ਪਛਾਣ ਸੁਖਵੰਤ ਸਿੰਘ ਬਰਾੜ, ਉਸ ਦੀ ਪਤਨੀ ਰਾਜਿੰਦਰ ਕੌਰ, ਉਸ ਦੀ ਬੇਟੀ ਕਮਲ ਕੌਰ ਤੇ ਥੋੜ੍ਹੇ ਦਿਨ ਪਹਿਲਾਂ ਪੰਜਾਬ ਤੋਂ ਆਈ ਉਸ ਦੀ ਸਾਲੀ ਜਿੰਦਰ ਕੌਰ ਵਜੋਂ ਕੀਤੀ ਗਈ ਹੈ।

## ਅਸਮਾਨੀ ਬਿਜਲੀ ਡਿੱਗਣ ਕਾਰਨ ਹੋਈਆਂ 25 ਮੌਤਾ


ਪਟਨਾ (ਲੋਕ ਬਾਣੀ) ਬਿਹਾਰ 'ਚ ਪਿਛਲੇ 24 ਘੰਟਿਆਂ ਦੌਰਾਨ ਬਿਜਲੀ ਡਿੱਗਣ ਕਾਰਨ ਜਿਥੇ 25 ਵਿਅਕਤੀ ਦੀ ਮੌਤ ਹੋ ਗਈ ਉਥੇ ਹੀ 39 ਵਿਅਕਤੀ ਜ਼ਖ਼ਮੀ ਹੋਏ ਹਨ। ਬਿਹਾਰ ਦੇ ਮੁੱਖ ਮੰਤਰੀ, ਨਿਤੀਸ਼ ਕੁਮਾਰ ਨੇ ਸ਼ੁੱਕਰਵਾਰ ਨੂੰ ਦੁੱਖ ਪ੍ਰਗਟ ਕਰਦਿਆਂ ਮ੍ਰਿਤਕਾਂ ਦੇ ਪਰਿਵਾਰਾਂ ਨੂੰ 4 ਲੱਖ ਰੁਪਏ ਐਕਸ-ਗ੍ਰੇਸ਼ੀਆ ਦੇਣ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਲੋਕਾਂ ਨੂੰ ਮੀਂਹ ਅਤੇ ਹਨੇਰੀ ਦੌਰਾਨ ਘਰਾਂ ਦੇ ਅੰਦਰ ਹੀ ਰਹਿਣ ਦੀ ਅਪੀਲ ਵੀ ਕੀਤੀ। ਬਿਹਾਰ ਦੇ ਆਫ਼ਤ ਪ੍ਰਬੰਧਨ ਵਿਭਾਗ ਮੁਤਾਬਿਕ ਜੁਲਾਈ ਮਹੀਨੇ ਦੌਰਾਨ ਬਿਜਲੀ ਡਿੱਗਣ ਕਾਰਨ ਕੁੱਲ 50 ਲੋਕਾਂ ਦੀ ਮੌਤ ਹੋਈ ਹੈ। ਅਥਾਰਟੀ ਨੇ ਅਗਲੇ ਕੁਝ ਦਿਨਾਂ ਵਿੱਚ



ਸਾਵਧਾਨੀ ਵਰਤਣ ਦੀ ਅਪੀਲ ਕੀਤੀ ਹੈ। ਵੀਰਵਾਰ ਨੂੰ ਤਰਾੜੀ ਥਾਣੇ ਦੇ ਅਧੀਨ ਪੈਂਦੇ ਪਿੰਡ ਬਰਕਾ ਗਾਓਂ ਵਿੱਚ 22 ਵਿਦਿਆਰਥੀ ਉਸ ਸਮੇਂ ਜ਼ਖ਼ਮੀ ਹੋ ਗਏ ਜਦੋਂ ਉਨ੍ਹਾਂ ਦੀਆਂ ਜਮਾਤਾਂ ਦੇ ਕੋਲ ਇੱਕ ਖਜੂਰ ਦੇ ਦਰੱਖਤ ਉੱਤੇ ਬਿਜਲੀ ਡਿੱਗੀ। ਇਸੇ ਤਰ੍ਹਾਂ ਹੋਰ ਜ਼ਿਲ੍ਹਿਆਂ ਵਿੱਚ ਬਿਜਲੀ ਡਿੱਗਣ ਕਾਰਨ 17 ਹੋਰ ਲੋਕ ਝੁਲਸ ਗਏ।

## ਕਸ਼ਮੀਰ ਵਿਚ ਲੱਗੇ ਭੂਚਾਲ ਦੇ ਤੇਜ਼ ਝਟਕੇ

ਸ੍ਰੀਨਗਰ, (ਲੋਕ ਬਾਣੀ) ਜੰਮੂ-ਕਸ਼ਮੀਰ ਵਿਚ ਅੱਜ 4.2 ਦੀ ਤੀਬਰਤਾ ਨਾਲ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਭੂਚਾਲ ਵਿਗਿਆਨ ਕੇਂਦਰ ਵੱਲੋਂ ਜਾਰੀ ਅੰਕੜਿਆਂ ਵਿਚ ਕਿਹਾ ਗਿਆ ਹੈ ਕਿ ਜੰਮੂ-ਕਸ਼ਮੀਰ ਵਿਚ 12:26 ਵਜੇ 4.2 ਦੀ ਤੀਬਰਤਾ ਵਾਲਾ



ਭੂਚਾਲ ਆਇਆ। ਉਨ੍ਹਾਂ ਕਿਹਾ ਕਿ ਅਜੇ ਤੱਕ ਕਿਸੇ ਵੀ ਤਰ੍ਹਾਂ ਦਾ ਜਾਨੀ ਅਤੇ ਹੋਰ ਨੁਕਸਾਨ ਹੋਣ ਦੀ ਖ਼ਬਰ ਨਹੀਂ ਹੈ।

## ਦੁਬਈ ਚ ਭਾਰਤੀ ਮੂਲ ਦੇ ਡਾਕਟਰ ਦੇ ਨਾਂਮ ਤੇ ਰੱਖਿਆ ਗਿਆ ਸੜਕ ਦਾ ਨਾਮ

### ਭਾਰਤੀ ਮੂਲ ਦੇ ਡਾਕਟਰ ਦੇ ਨਾਮ 'ਤੇ ਰੱਖਿਆ

ਨਵੀਂ ਦਿੱਲੀ, (ਲੋਕ ਬਾਣੀ)- ਸੰਯੁਕਤ ਅਰਬ ਅਮੀਰਾਤ (ਯੂਏਈ) ਦੀ ਰਾਜਧਾਨੀ ਅਬੂ ਧਾਬੀ ਵਿੱਚ ਇਕ ਸੜਕ ਦਾ ਨਾਮ ਭਾਰਤੀ ਮੂਲ ਦੇ 84 ਸਾਲਾ ਡਾਕਟਰ ਦੇ ਨਾਮ 'ਤੇ ਰੱਖਿਆ ਗਿਆ ਹੈ। ਇਹ ਦੇਸ਼ ਦੇ ਸਿਹਤ ਖੇਤਰ ਵਿੱਚ ਉਨ੍ਹਾਂ ਦੇ ਅਹਿਮ ਯੋਗਦਾਨ ਪ੍ਰਤੀ ਸ਼ਰਧਾਂਜਲੀ ਹੈ। ਨਗਰ ਕੌਂਸਲ ਅਤੇ ਟਰਾਂਸਪੋਰਟ ਵਿਭਾਗ ਨੇ ਡਾ. ਜੌਰਜ ਮੈਥਿਊ ਦੇ ਯੋਗਦਾਨ ਨੂੰ ਮਾਨਤਾ ਦੇਣ ਲਈ ਅਬੂ ਧਾਬੀ ਵਿੱਚ ਇਕ ਸੜਕ ਦਾ ਨਾਮ ਉਨ੍ਹਾਂ ਦੇ ਨਾਮ 'ਤੇ ਰੱਖਿਆ ਹੈ। ਇਹ ਨਾਮ, "ਯੂਏਈ ਦੇ ਦੂਰਦਰਸ਼ੀ ਲੋਕਾਂ ਦਾ ਸਨਮਾਨ: ਸਮ੍ਰਿਤੀ ਮਾਰਗ' ਪ੍ਰਾਜੈਕਟ ਤਹਿਤ ਦਿੱਤਾ ਗਿਆ ਹੈ। ਅਲ ਮਫ਼ਰਾਕ ਵਿੱਚ ਸ਼ੇਖ ਸ਼ਾਕਬੂਥ ਮੈਡੀਕਲ ਸਿਟੀ ਕੋਲ ਸੜਕ ਹੁਣ 'ਜੌਰਜ ਮੈਥਿਊ ਸਟਰੀਟ' ਦੇ ਨਾਮ ਨਾਲ ਜਾਣੀ ਜਾਵੇਗੀ।

## ਮੁਸਲਿਮ ਔਰਤਾਂ ਆਪਣੇ ਪਤੀ ਤੋਂ ਮੰਗ ਸਕਦੀਆਂ ਹਨ ਗੁਜ਼ਾਰਾ ਭੱਤਾ: ਸੁਪਰੀਮ ਕੋਰਟ


ਨਵੀਂ ਦਿੱਲੀ, (ਲੋਕ ਬਾਣੀ) ਦੇਸ਼ ਦੀ ਸਰਵਉੱਚ ਅਦਾਲਤ ਨੇ ਅੱਜ ਕਿਹਾ ਕਿ ਮੁਸਲਿਮ ਔਰਤ ਆਪਣੇ ਪਤੀ ਤੋਂ ਗੁਜ਼ਾਰਾ ਭੱਤਾ ਮੰਗ ਸਕਦੀ ਹੈ। ਇਸ ਸਬੰਧੀ ਔਰਤਾਂ ਸੀਆਰਪੀਸੀ ਦੀ ਧਾਰਾ 125 ਤਹਿਤ ਪਟੀਸ਼ਨ ਵੀ ਦਾਇਰ ਕਰ ਸਕਦੀਆਂ ਹਨ। ਸੁਪਰੀਮ ਕੋਰਟ ਨੇ ਸਪਸ਼ਟ ਕੀਤਾ ਕਿ ਧਰਮ ਨਿਰਪੱਖਤਾ ਸਾਰੀਆਂ ਵਿਆਹੁਤਾ ਔਰਤਾਂ 'ਤੇ ਲਾਗੂ ਹੁੰਦੀ ਹੈ ਚਾਹੇ ਉਨ੍ਹਾਂ ਦਾ ਕੋਈ ਵੀ ਧਰਮ ਹੋਵੇ। ਜਸਟਿਸ ਬੀਵੀ ਨਾਗਰਤਨਾ ਅਤੇ ਆਗਸਟੀਨ ਜਾਰਜ ਮਸੀਹ ਦੇ ਬੈਂਚ ਨੇ ਜ਼ੋਰ ਦਿੰਦਿਆਂ ਕਿਹਾ ਕਿ ਗੁਜ਼ਾਰਾ ਦਾਨ ਨਹੀਂ ਬਲਕਿ ਸਾਰੀਆਂ ਵਿਆਹੀਆਂ ਔਰਤਾਂ ਦਾ ਅਧਿਕਾਰ ਹੈ। ਜਸਟਿਸ ਨਾਗਰਤਨਾ ਨੇ ਫੈਸਲਾ ਸੁਣਾਉਂਦੇ ਹੋਏ ਕਿਹਾ, "ਅਸੀਂ



ਸਰਵਉੱਚ ਅਦਾਲਤ ਵਿਚ ਆਈ ਇਸ ਅਪੀਲ ਨੂੰ ਖਾਰਜ ਕਰ ਰਹੇ ਹਾਂ ਤੇ ਧਾਰਾ 125 ਸਾਰੀਆਂ ਔਰਤਾਂ 'ਤੇ ਲਾਗੂ ਹੋਵੇਗੀ।' ਜ਼ਿਕਰਯੋਗ ਹੈ ਕਿ ਇਸ ਸਬੰਧੀ ਅਬਦੁਲ ਸਮਦ ਨੇ ਤਿਲੰਗਾਨਾ ਹਾਈ ਕੋਰਟ ਦੇ ਫੈਸਲੇ ਖ਼ਿਲਾਫ਼ ਸੁਪਰੀਮ ਕੋਰਟ ਵਿਚ ਪਟੀਸ਼ਨ ਦਾਇਰ ਕੀਤੀ ਸੀ। ਉਸ ਨੇ ਕਿਹਾ ਸੀ ਕਿ ਤਲਾਕਸ਼ੁਦਾ ਮੁਸਲਿਮ ਔਰਤ ਸੀਆਰਪੀਸੀ ਦੀ ਧਾਰਾ 125 ਤਹਿਤ ਪਟੀਸ਼ਨ ਦਾਇਰ ਕਰਨ ਦੀ ਹੱਕਦਾਰ ਨਹੀਂ ਹੈ।

## ਤਿੰਨ ਗੈਂਗਸਟਰ ਪੁਲੀਸ ਮੁਕਾਬਲੇ 'ਚ ਮਾਰੇ ਗਏ

ਸੋਨੀਪਤ, (ਲੋਕ ਬਾਣੀ) ਹਰਿਆਣਾ ਪੁਲੀਸ ਅਤੇ ਦਿੱਲੀ ਅਪਰਾਧ ਸ਼ਾਖਾ ਦੇ ਅੱਜ ਸਾਂਝੇ ਅਪਰੇਸ਼ਨ ਦੌਰਾਨ ਸੋਨੀਪਤ ਵਿੱਚ ਤਿੰਨ ਗੈਂਗਸਟਰ ਮਾਰੇ ਗਏ। ਇਨ੍ਹਾਂ ਵਿੱਚੋਂ ਇਕ ਗੈਂਗਸਟਰ ਪਿਛਲੇ ਮਹੀਨੇ ਪੱਛਮੀ ਦਿੱਲੀ ਦੇ ਬਰਗਰ ਕਿੰਗ ਹੱਤਿਆ ਕਾਂਡ ਵਿਚ ਸ਼ਾਮਲ ਸੀ। ਮ੍ਰਿਤਕਾਂ ਦੀ ਪਛਾਣ ਅਸ਼ੀਸ਼ ਉਰਫ਼ ਲਾਲੂ, ਸੰਨੀ ਖਰਾਰ ਤੇ ਵਿੱਕੀ ਰਿਧਾਨਾ ਵਜੋਂ ਹੋਈ ਹੈ।



ਇਹ ਤਿੰਨੋਂ ਹਿਮਾਂਸ਼ੂ ਭਾਈ ਗਰੋਹ ਦੇ ਮੈਂਬਰ ਸਨ। ਪੁਲੀਸ ਅਧਿਕਾਰੀ ਨੇ ਦੱਸਿਆ ਕਿ ਪੁਲੀਸ ਮੁਕਾਬਲਾ ਸੋਨੀਪਤ ਜ਼ਿਲ੍ਹੇ ਦੇ ਖਰਖੌਦਾ ਵਿੱਚ ਹੋਇਆ।

## ਪੰਜਾਬ ਪੁਲਿਸ ਨੇ ਲੁੱਟਾਂ ਖੋਹਾਂ ਕਰਨ ਵਾਲੇ ਕੀਤੇ ਕਾਬੂ

ਅੰਮ੍ਰਿਤਸਰ, (ਲੋਕ ਬਾਣੀ) ਥਾਣਾ ਮਕਬੂਲਪੁਰਾ ਦੀ ਪੁਲੀਸ ਨੇ ਚਾਰ ਵਿਅਕਤੀਆਂ ਨੂੰ ਲੁੱਟ ਖੋਹ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਕੋਲੋਂ ਘਟਨਾ ਲਈ ਵਰਤਿਆ ਇੱਕ ਪਿਸਤੌਲ ਵੀ ਬਰਾਮਦ ਕੀਤਾ। ਇਸ ਸਬੰਧੀ ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਸ਼ਨਾਖਤ ਰਾਜਪਾਲ ਸਿੰਘ ਉਰਫ਼ ਰਾਜਾ, ਰੋਬਿਨ ਸਿੰਘ, ਸੁਮਿਤ ਸ਼ਰਮਾ ਉਰਫ਼ ਸੁਮਿਤ ਅਤੇ ਲੱਕੀ ਵਜੋਂ ਹੋਈ ਹੈ। ਇਹ ਸਾਰੇ ਹੀ ਛੇਹਰਟਾ ਇਲਾਕੇ ਦੇ ਰਹਿਣ ਵਾਲੇ ਹਨ। ਪੁਲੀਸ ਨੇ ਇਨ੍ਹਾਂ ਕੋਲੋਂ ਘਟਨਾ ਵਿੱਚ ਵਰਤਿਆ ਪਿਸਤੌਲ ਅਤੇ ਇੱਕ ਗੋਲੀ ਤੇ ਇੱਕ ਖਾਲੀ ਖੋਲ ਬਰਾਮਦ



ਕੀਤਾ ਹੈ। ਡੀਸੀਪੀ ਹਰਪ੍ਰੀਤ ਸਿੰਘ ਮੰਡੇਰ ਨੇ ਦੱਸਿਆ ਕਿ ਇਸ ਸਬੰਧੀ ਮਾਮਲਾ ਹਰਪ੍ਰੀਤ ਸਿੰਘ ਵਾਸੀ ਗੁਰੂ ਰਾਮਦਾਸ ਨਗਰ ਕੋਟ ਖਾਲਸਾ ਦੀ ਸ਼ਿਕਾਇਤ 'ਤੇ ਦਰਜ ਕੀਤਾ ਗਿਆ ਸੀ ਜਿਸ ਕੋਲੋਂ ਲੁਟੇਰੇ ਇੱਕ ਲੈਪਟਾਪ, ਦੋ ਮੋਬਾਈਲ ਫੋਨ ਆਦਿ ਜਬਰੀ ਖੋਹ ਕੇ ਲੈ ਗਏ ਸਨ। ਲੁਟੇਰਿਆਂ ਨੇ ਉਸ ਦੇ ਇੱਕ ਸਾਥੀ ਨੂੰ ਗੋਲੀ ਮਾਰ ਕੇ ਜ਼ਖਮੀ ਵੀ ਕਰ ਦਿੱਤਾ ਸੀ।

## ਦਿੱਲੀ ਵਿੱਚ ਹੋਇਆ ਐਨਕਾਉਂਟਰ ਤਿੰਨ ਸ਼ੂਟਰ ਕੀਤੇ ਢੇਰ

ਦਿੱਲੀ,( ਲੋਕ ਬਾਣੀ) ਦਿੱਲੀ ਦੇ ਰਾਜੌਰੀ ਗਾਰਡਨ ਚ ਬਰਗਰ ਕਿੰਗ ਤੇ 40 ਗੋਲੀਆਂ ਮਾਰ ਕੇ ਹੱਤਿਆ ਕਰਨ ਵਾਲੇ ਤਿੰਨ ਅਪਰਾਧੀਆਂ ਦਾ ਐਨਕਾਉਂਟਰ ਹੋ ਗਿਆ ਹੈ। ਮੁਕਾਬਲੇ ਵਿਚ ਆਸ਼ੀਸ਼ ਕਾਲੂ, ਸੰਨੀ ਗੁਰਜਰ ਅਤੇ ਵਿੱਕੀ ਮਾਰੇ ਗਏ ਹਨ। ਹਰਿਆਣਾ ਦੇ ਸੋਨੀਪਤ ਦੇ ਖਰਖੌਦਾ ਇਲਾਕੇ ਚ ਬਦਮਾਸ਼ਾਂ ਦਾ ਮੁਕਾਬਲਾ ਹੋਇਆ। ਦਿੱਲੀ ਪੁਲਿਸ ਦੀ ਕ੍ਰਾਈਮ ਬ੍ਰਾਂਚ ਅਤੇ ਹਰਿਆਣਾ ਐਸਟੀਐਫ ਦੀ ਸਾਂਝੀ ਕਾਰਵਾਈ ਵਿਚ ਬਦਮਾਸ਼



ਮਾਰੇ ਗਏ ਹਨ। ਮਾਰੇ ਗਏ ਤਿੰਨੇ ਅਪਰਾਧੀ ਅਮਰੀਕਾ ਚ ਬੈਠੇ ਵਾਂਟੇਡ ਗੈਂਗਸਟਰ ਹਿਮਾਂਸ਼ੂ ਭਾਊ ਦੇ ਸ਼ੂਟਰ ਹਨ। ਇੰਟਰਪੋਲ ਨੇ ਹਿਮਾਂਸ਼ੂ ਭਾਊ ਖ਼ਿਲਾਫ਼ ਰੈੱਡ ਕਾਰਨਰ ਨੋਟਿਸ ਜਾਰੀ ਕੀਤਾ ਹੈ।

## ਪੰਜਾਬ ਵਿੱਚ ਭਾਰੀ ਗਰਮੀ ਕਾਰਨ ਤਿੰਨ ਵਿਅਕਤੀਆਂ ਦੀ ਹੋਈ ਮੌਤ

ਬਠਿੰਡਾ, (ਲੋਕ ਬਾਣੀ) ਬਠਿੰਡਾ ਵਿੱਚ ਗਰਮੀ ਕਾਰਨ ਵੱਖ-ਵੱਖ ਥਾਵਾਂ 'ਤੇ ਦੋ ਵਿਅਕਤੀਆਂ ਦੀ ਮੌਤ ਹੋ ਗਈ। ਇੱਕ ਵਿਅਕਤੀ ਦੀ ਲਾਸ਼ ਰੇਲਵੇ ਸਟੇਸ਼ਨ ਦੇ ਵੇਟਿੰਗ ਰੂਮ ਦੇ ਸਾਹਮਣੇ ਬਣੇ ਰੈਂਪ ਤੋਂ ਮਿਲੀ ਹੈ ਜਦੋਂ ਕਿ ਦੂਜੇ ਵਿਅਕਤੀ ਦੀ ਲਾਸ਼ ਸਥਾਨਕ ਪਰਸ ਰਾਮ ਨਗਰ ਨੇੜੇ ਸੜਕ ਤੋਂ ਬਰਾਮਦ ਹੋਈ ਹੈ। ਸੂਚਨਾ ਮਿਲਦਿਆਂ ਹੀ ਸਹਾਰਾ ਜਨ ਸੇਵਾ ਦੀ ਲਾਈਫ ਸੇਵਿੰਗ ਬ੍ਰਿਗੇਡ ਹੈਲਪਲਾਈਨ ਦੀ ਟੀਮ ਮੌਕੇ 'ਤੇ ਪੁੱਜੀ। ਟੀਮ ਮੈਂਬਰਾਂ ਨੇ ਦੱਸਿਆ ਕਿ ਮ੍ਰਿਤਕਾਂ ਦੀਆਂ ਜੇਬਾਂ 'ਚੋਂ ਕੋਈ ਪਛਾਣ ਪੱਤਰ ਨਾ ਮਿਲਣ ਕਾਰਨ ਲਾਸ਼ਾਂ ਨੂੰ ਪੁਲੀਸ ਕਾਰਵਾਈ ਤੋਂ ਬਾਅਦ



ਹਸਪਤਾਲ ਦੇ ਮੁਰਦਾਘਰ 'ਚ ਰਖਵਾ ਦਿੱਤਾ ਗਿਆ ਹੈ, ਜਿੱਥੇ 100 ਘੰਟਿਆਂ ਦੀ ਉਡੀਕ ਮਗਰੋਂ ਮ੍ਰਿਤਕਾਂ ਦਾ ਅੰਤਿਮ ਸੰਸਕਾਰ ਕੀਤਾ ਜਾਵੇਗਾ। ਸਹਾਰਾ ਦੇ ਪ੍ਰਧਾਨ ਗੌਤਮ ਗੋਇਲ ਨੇ ਦੱਸਿਆ ਕਿ ਮ੍ਰਿਤਕਾਂ ਦੀ ਪਛਾਣ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

# ਵਧੀਕ ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਜਿਲ੍ਹਾ ਵੈਕਟਰ ਬੌਰਨ ਮੋਨੀਟਰਿੰਗ ਕਮੇਟੀ ਦੀ ਮੀਟਿੰਗ ਦਾ ਆਯੋਜਨ

ਮਾਲੇਰਕੋਟਲਾ (ਲੋਕ ਬਾਣੀ) : ਡਿਪਟੀ ਕਮਿਸ਼ਨਰ ਮਾਲੇਰਕੋਟਲਾ ਡਾ. ਪੱਲਵੀ ਦੇ ਦਿਸ਼ਾਂ ਨਿਰਦੇਸ਼ਾਂ ਤਹਿਤ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਰਾਜਪਾਲ ਸਿੰਘ ਦੀ ਪ੍ਰਧਾਨਗੀ ਹੇਠ ਜਿਲ੍ਹਾ ਵੈਕਟਰ ਬੌਰਨ ਮੋਨੀਟਰਿੰਗ ਕਮੇਟੀ ਦੀ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੌਕੇ ਲੇਬਰ ਵਿਭਾਗ, ਪਸ਼ੂ ਪਾਲਣ ਵਿਭਾਗ, ਸਿੱਖਿਆ ਵਿਭਾਗ, ਵਾਟਰ ਐਂਡ ਸੈਨੀਟੇਸ਼ਨ ਵਿਭਾਗ, ਨਗਰ ਕੌਸ਼ਲ,ਸਿਹਤ ਵਿਭਾਗ ਨੂੰ ਸੰਬੋਧਨ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਰਾਜਪਾਲ ਸਿੰਘ ਨੇ ਕਿਹਾ ਕਿ ਡੇਂਗੂ ਅਤੇ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਦੇ ਅਗਾਮੀ ਸੀਜਨ ਨੂੰ ਮੁੱਖ ਰੱਖਦਿਆਂ ਹੋਇਆਂ ਸਾਰੇ ਵਿਭਾਗ ਆਪਣੀ - ਆਪਣੀ ਜਿੰਮੇਵਾਰੀ ਨੂੰ ਤਨਦੇਹੀ ਅਤੇ ਜਿੰਮੇਵਾਰੀ ਨਾਲ ਨਿਭਾਉਣ ਤਾਂ ਜੋ ਵੈਕਟਰ ਬੌਰਨ ਬੀਮਾਰੀਆਂ ਤੇ ਕੰਟੋਰਲ ਰੱਖਿਆ ਜਾ ਸਕੇ। ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਡੇਂਗੂ ਦੀ ਰੋਕਥਾਮ ਲਈ ਗਤੀਵਿਧੀਆਂ ਤੇਜ ਕਰਨ ਦੀ ਹਦਾਇਤ ਕਰਦਿਆਂ ਕਿਹਾ ਕਿ ਲਾਰਵੇ ਦਾ ਨਰੀਖਣ ਅਤੇ ਡੇਂਗੂ ਜਾਂਚ ਲਈ ਕਾਰਵਾਈਆਂ ਤੇਜ ਕਰ ਦਿੱਤੀਆਂ ਜਾਣ ਤਾਂ ਜੋ ਇਸ ਸੀਜਨ ਦੇ ਵਿੱਚ ਜਿਲ੍ਹੇ ਦੇ ਲੋਕਾਂ ਨੂੰ ਡੇਂਗੂ ਤੋਂ ਬਚਾਇਆ ਜਾ ਸਕੇ। ਇਸ ਮੌਕੇ ਉਨ੍ਹਾਂ ਨਗਰ ਕੌਸਲ ਨੂੰ ਫੋਗਿੰਗ ਕਰਨ, ਪਾਣੀ ਦੀ ਜਾਂਚ ਅਤੇ ਸਾਫ਼ ਸਫ਼ਾਈ ਸੰਬੰਧੀ ਕੰਮ ਤੇਜ ਕਰਨ ਲਈ ਕਿਹਾ ਤਾਂ ਜੋ ਮੱਛਰ ਦਾ ਖ਼ਾਤਮਾ ਕੀਤਾ ਜਾ ਸਕੇ ਅਤੇ ਮੱਛਰ ਨੂੰ ਪੈਦਾ ਹੋਣ ਤੋਂ ਰੋਕਿਆ ਜਾ ਸਕੇ ਅਤੇ ਵਾਟਰ ਸਪਲਾਈ ਵਿਭਾਗ ਨੂੰ ਪਾਣੀ ਦੀ ਸੈਪਲਿੰਗ ਕਰਨ ਅਤੇ ਸਾਫ਼ ਸੁੱਧ ਪਾਣੀ ਮੁਹਈਆ ਕਰਾਉਣ ਲਈ ਕਿਹਾ। ਵਧੀਕ ਡਿਪਟੀ ਕਸ਼ਿਨਰ ਨੇ ਦੱਸਿਆ ਕੇ ਪਿਛਲੇ ਸਾਲ ਜ਼ਿਲ੍ਹੇ ਵਿੱਚ ਡੇਂਗੂ ਦੇ 363 ਕੇਸ ਸਾਹਮਣੇ ਆਏ ਸਨ ਅਤੇ ਇਸ ਵਾਰ ਅਜੇ ਤੱਕ ਕੋਈ ਵੀ ਕੇਸ ਸਿਹਤ ਵਿਭਾਗ ਕੋਲ ਰਿਪੋਰਟ ਨਹੀਂ ਹੋਇਆ, ਉਹਨਾਂ ਕਿਹਾ ਕੇ ਸਰਕਾਰ ਵੱਲੋਂ ਡੇਂਗੂ ਦਾ ਟੈਸਟ ਤੇ ਇਲਾਜ ਮੁਫ਼ਤ ਕੀਤਾ ਜਾਂਦਾ ਹੈ, ਉਹਨਾਂ ਸਮੂਹ ਵਿਭਾਗਾਂ ਨੂੰ ਕਿਹਾ ਕੇ ਡੇਂਗੂ ਦੀ ਰੋਕਥਾਮ ਲਈ ਬਣਦੀ ਸਾਂਝੀ ਜਿੰਮੇਵਾਰੀ ਨਿਭਾਉਣ। ਇਸ ਮੀਟਿੰਗ ਵਿੱਚ ਸਿਹਤ ਵਿਭਾਗ ਵੱਲੋਂ ਪਿਛਲੇ ਸਾਲਾਂ ਵਿੱਚ ਡੇਂਗੂ ਦੇ ਕੇਸਾਂ ਦੀ ਸਥਿਤੀ ਅਤੇ ਇਸ ਸਾਲ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਬਾਰੇ ਰਿਪੋਰਟ ਪੇਸ਼ ਕੀਤੀ ਗਈ।

ਵਧੀਕ ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਤਰ੍ਹਾਂ ਦੇ ਬੁਖ਼ਾਰ ਨੂੰ ਸਧਾਰਨ ਨਾ ਲਿਆ ਜਾਵੇ ਸਗੋਂ ਹਰ ਬੁਖ਼ਾਰ ਨੂੰ ਸ਼ੱਕੀ ਕੇਸ ਮੰਨਦੇ ਹੋਏ ਡੇਂਗੂ ਦਾ ਟੈਸਟ ਜ਼ਰੂਰ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਡੇਂਗੂ ਮੱਛਰ ਦੀ ਪੈਦਾਵਾਰ ਆਮ ਲੋਕਾਂ ਦੇ ਸਾਂਝੇ ਹੰਭਲੇ ਨਾਲ ਹੀ ਰੋਕੀ ਜਾ ਸਕਦੀ ਹੈ, ਇਸ ਲਈ ਆਮ ਲੋਕ ਆਪਣੇ ਘਰਾਂ ਦੇ ਅੰਦਰ, ਕੂਲਰਾਂ, ਫਰਿੱਜਾਂ ਦੀਆਂ ਟ੍ਰੇਆਂ, ਗਮਲਿਆਂ ਅਤੇ ਆਲੇ ਦੁਆਲੇ ਖੜ੍ਹੇ ਪਾਣੀ ਅਤੇ ਡੇਂਗੂ ਮੱਛਰ ਦੀ ਪੈਦਾਇਸ਼ ਦੇ ਸਰੋਤ ਨੂੰ ਤੁਰੰਤ ਖ਼ਤਮ ਕਰਨ। ਉਨ੍ਹਾਂ ਨੇ ਲੋਕਾਂ ਨੂੰ ਕਿਹਾ ਕਿ ਉਹ ਮੱਛਰਾਂ ਤੋਂ ਬਚਾਅ ਦੇ ਸਾਰੇ ਪ੍ਰਬੰਧ ਕਰਨ ਤੇ ਖਾਸ ਕਰਕੇ ਦਿਨ ਸਮੇਂ ਮੱਛਰਾਂ ਦੇ ਕੱਟਣ ਤੋਂ ਬਚਣ ਲਈ ਪੂਰੀਆਂ ਬਾਹਾਂ ਦੇ ਕੱਪੜੇ ਪਾ ਕੇ ਰੱਖਣ।




ਇਸ ਮੌਕੇ ਸਹਾਇਕ ਕਮਿਸ਼ਨਰ ਸ੍ਰੀ ਹਰਬੰਸ ਸਿਘ,ਜਿਲ੍ਹਾ ਟੀਕਾਕਰਣ ਅਫ਼ਸਰ ਡਾ. ਰਾਜੀਵ ਬੈਂਸ, ਜਿਲ੍ਹਾ ਐਪੀਡੀਮਾਲੋਜਿਸਟ ਡਾ. ਮੁਨੀਰ ਮੁਹੰਮਦ, ਐਸ. ਐਮ.ਓ ਡਾ. ਜੀ ਐਸ ਭਿੰਡਰ, ਐਸ. ਐਮ. ਓ ਡਾ. ਰਾਜੇਸ਼ ਗਰਗ, ਡਾ. ਨਵੇਦਿਤਾ,ਲੇਬਰ ਇੰਸਪੈਕਟਰ ਪਵਨੀਤ ਕੌਰ, ਡਾ. ਸੁਖਵਿੰਦਰ ਸਿੰਘ ਐਸ. ਵੀ. ਓ, ਕਮਲਜੀਤ ਸਿੰਘ ਏ. ਈ, ਰਾਜੇਸ਼ ਰਿਖੀ, ਮੁਹੰਮਦ ਅਕਮਲ, ਗੁਰਿੰਦਰਪਾਲ ਸਿੰਘ ਐਸ. ਆਈ, ਗੁਰਪ੍ਰੀਤ ਸਿੰਘ ਏ. ਐਮ. ਈ, ਨਰਿੰਦਰ ਕੁਮਾਰ ਸਮੇਤ ਕਈ ਕਰਮਚਾਰੀ ਹਾਜ਼ਰ ਸਨ।

## ਕਾਂਗਰਸ ਆਗੂ ਦਾ ਮਾਨ ਸਰਕਾਰ ਤੇ ਤਿੱਖਾ ਹਮਲਾ, ਚਾਂਦੀ ਦੀ ਜੁੱਤੀ ਮਾਰੇ ਬਿਨਾ ਨਹੀਂ ਤੁਰਦੀ ਦਫ਼ਤਰਾਂ ਚ ਫਾਈਲ - ਇਕੋਲਾਹਾ

ਖੰਨਾ, (ਲੋਕ ਬਾਣੀ) -ਪੰਜਾਬ ਸਰਕਾਰ ਦੀਆਂ ਗਲਤ ਨੀਤੀਆਂ ਕਰਕੇ ਸ਼ਗਨ ਸਕੀਮ ਹਾਸਲ ਕਰਨ ਵਾਲੀਆ ਧੀਆਂ ਨੂੰ ਜਾਣਬੁੱਝ ਕੇ ਪਰੇਸ਼ਾਨ ਕੀਤਾ ਜਾ ਰਿਹਾ ਅਤੇ ਉਹਨਾਂ ਨੂੰ ਬਿਨਾ ਵਜ੍ਹਾ ਦਰ ਦਰ ਦੀਆਂ ਠੋਕਰਾਂ ਖਾਣੀਆਂ ਪੈ ਰਹੀਆਂ ਹਨ। ਇਹ ਦੋਸ਼ ਬਲਾਕ ਕਾਂਗਰਸ ਕਮੇਟੀ ਖੰਨਾ ਦਿਹਾਤੀ ਦੇ ਪ੍ਰਧਾਨ ਹਰਜਿੰਦਰ ਸਿੰਘ ਇਕੋਲਾਹਾ ਨੇ ਮੀਡੀਏ ਨਾਲ ਗੱਲਬਾਤ ਕਰਦੇ ਹੋਏ ਸੂਬੇ ਦੀ ਭਗਵੰਤ ਸਿੰਘ ਮਾਨ ਸਰਕਾਰ ਉੱਤੇ ਲਾਏ।ਉਹਨਾਂ ਕਿਹਾ ਕੇ ਪਿਛਲੀ ਕਾਂਗਰਸ ਦੀ ਚੰਨੀ ਸਰਕਾਰ ਵਲੋਂ ਸੂਬੇ ਦੀਆਂ ਧੀਆਂ ਨੂੰ 21000 ਤੋ ਵਧਾਅ ਕਿ 51000 ਦੀ ਸ਼ਗਨ ਸਕੀਮ ਦੇ ਕੇ ਉਹਨਾਂ ਦੇ ਮਾਨ ਸਨਮਾਨ ਚ ਵਾਧਾ ਕੀਤਾ ਗਿਆ ਸੀ।ਪਰ ਅਫਸੋਸ !ਅੱਜ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਸ਼ਗਨ ਸਕੀਮ ਵਾਸਤੇ ਅਪਲਾਈ ਕਰਨ ਲਈ ਜੋ ਆਨਲਾਈਨ ਸਿਸਟਮ ਦੀ ਸੁਵਿਧਾ ਚਾਲੂ ਕੀਤੀ ਗਈ ਹੈ ।ਉਹ ਲੋਕਾਂ ਲਈ ਮੁਸੀਬਤ ਬਣਦੀ ਜਾ ਰਹੀ ਹੈ। ਕਿਉਂਕਿ ਆਨਲਾਈਨ ਅਪਲਾਈ ਕਰਨ ਪਿੱਛੋਂ ਵੈਲਫੇਅਰ ਦਫ਼ਤਰ ਵੱਲੋਂ ਫ਼ੋਨ ਕਰਕੇ ਕਦੇ ਹਾਰਡ ਕਾਪੀ ਮੰਗੀ ਜਾ ਰਹੀ ਕਦੇ ਕੋਈ ਹੋਰ ਕਾਗਜਾਤ ਮੰਗਿਆ ਜਾ ਰਿਹਾ ਹੈ। ਜਿਸ ਨਾਲ ਦਫ਼ਤਰਾਂ ਦੇ ਚੱਕਰ ਤੇ ਸਮੇ ਦੀ ਬਰਬਾਦੀ ਦੇ ਨਾਲ ਨਾਲ ਲੋਕਾਂ ਨੂੰ ਖੱਜਲ ਖੁਆਰੀ ਵੀ ਝੱਲਣੀ ਪੈ ਰਹੀ ਹੈ। ਉਹਨਾਂ ਇਹ ਵੀ ਕਿਹਾ ਕੇ ਹੁਣ ਸਰਕਾਰ ਵਲੋਂ ਸੀਡੀਪੀਓ ਦਫ਼ਤਰ ਵਾਲਿਆਂ ਨੂੰ ਸ਼ਗਨ ਸਕੀਮ ਦੀ ਪੜਤਾਲ ਕਰਨ ਵਾਸਤੇ




ਹੁਕਮ ਜਾਰੀ ਕੀਤੇ ਗਏ ਹਨ। ਸ:ਇਕੋਲਾਹਾ ਨੇ ਕਿਹਾ ਕੇ ਪੰਜਾਬ ਸਰਕਾਰ ਵਲੋਂ ਪੰਜਾਬ ਦੀਆਂ ਧੀਆਂ ਨੂੰ ਸ਼ਗਨ ਸਕੀਮ ਨਾ ਦੇਣ ਦੀ ਮਨਸ਼ਾ ਨਾਲ ਅਜਿਹੀਆਂ ਚਾਲਾਂ ਚਲੀਆਂ ਜਾ ਰਹੀਆਂ ਹਨ। ਉਹਨਾਂ ਅੱਗੇ ਕਿਹਾ ਕੇ ਸੂਬੇ ਚ ਭ੍ਰਿਸ਼ਟਾਚਾਰ ਸਿਖਰਾਂ ਉੱਤੇ ਹੈ ਤੇ ਅੱਜ ਵੀ ਚਾਂਦੀ ਦੀ ਜੁੱਤੀ ਮਾਰੇ ਬਗੈਰ ਦਫ਼ਤਰਾਂ ਚ ਫਾਈਲ ਅਗੇ ਨਹੀਂ ਤੁਰਦੀ। ਸ:ਇਕੋਲਾਹਾ ਨੇ ਦੋਸ਼ ਲਾਇਆ ਕੇ ਆਮਦਨ ਨੂੰ ਲੈ ਕੇ ਵੀ ਅਫ਼ਸਰਾਂ ਤੇ ਮੁਲਾਜ਼ਮਾ ਵਲੋਂ ਲੋਕਾਂ ਨੂੰ ਜਾਣ ਬੁਝ ਕੇ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਹੈ। ਉਹਨਾਂ ਆਖਿਆ ਕੋਈ ਵਿਅਕਤੀ ਮਿਲ ਚ ਮਜ਼ਦੂਰ ਲਗਾ ਹੋਇਆ ਹੈ, ਮੰਨ ਲਓ !ਉਸ ਨੂੰ 500 ਰੁਪਏ ਦਿਹਾੜੀ ਮਿਲਦੀ ਹੈ ਤਾਂ ਜ਼ਰੂਰੀ ਨਹੀਂ ਕਿਸੇ ਮਜ਼ਦੂਰ ਨੂੰ ਪੂਰਾ ਮਹੀਨਾ ਦਿਹਾੜੀ ਮਿਲੇ ।ਪਰ ਦਫ਼ਤਰੀ ਅਮਲਾ 500 ਨੂੰ ਗੁਣਾ ਕਰਕੇ ਪੂਰੇ ਸਾਲ ਦੀ ਆਮਦਨ ਮਨ ਕੇ ਉਹਨਾਂ ਦਾ ਸ਼ਗਨ ਸਕੀਮ ਵਾਲਾ ਫਾਰਮ ਬਿਨਾ ਦੱਸੇ ਰੱਦ ਕਰ ਦਿੱਤਾ ਜਾਂਦਾ ਹੈ।ਜੋ ਸੂਬੇ ਦੇ ਗਰੀਬ ਤੇ ਲੋੜਵੰਦ ਲੋਕਾਂ ਨਾਲ ਬੇਇਨਸਾਫੀ ਹੈ।

ਬਲਾਕ ਪ੍ਰਧਾਨ ਨੇ ਇਹ ਦੋਸ਼ ਵੀ ਲਾਇਆ ਕੇ ਮਾਨ ਸਰਕਾਰ ਲੋਕ ਵਿਰੋਧੀ ਨੀਤੀਆਂ ਲਾਗੂ ਕਰਕੇ ਲੋਕਾਂ ਨੂੰ ਜਾਣ ਬੁਝ ਕੇ ਪਰੇਸ਼ਾਨ ਕਰ ਰਹੀ ਹੈ। ਜਿਸ ਨੂੰ ਲੈ ਕੇ ਸੂਬੇ ਦੇ ਲੋਕਾਂ ਚ ਚੋਖਾ ਰੋਸ ਨਜ਼ਰ ਆ ਰਿਹਾ ਹੈ। ਉਹਨਾਂ ਕਿਹਾ ਕੇ ਜੇ ਸਰਕਾਰ ਤੇ ਦਫ਼ਤਰੀ ਮੁਲਾਜ਼ਮਾ ਨੇ ਲੋਕਾਂ ਦੀ ਖਜਲ ਖੁਆਰੀ ਬੰਦ ਨਾ ਕੀਤੀ ਤਾ ਸਰਕਾਰ ਖਿਲਾਫ ਸੰਗਰਸ਼ ਵਿੱਢਣ ਤੋ ਗੁਰੇਜ਼ ਨਹੀਂ ਕੀਤਾ ਜਾਵੇਗਾ। ਉਹਨਾਂ ਅਫ਼ਸਰਾਂ ਤੇ ਮੁਲਾਜ਼ਮਾ ਨੂੰ ਵੀ ਅਪੀਲ ਕੀਤੀ ਹੈ ਕੇ ਉਹ ਦਫ਼ਤਰਾਂ ਚ ਜਨਤਾ ਨੂੰ ਤੰਗ ਪਰੇਸ਼ਾਨ ਨਾ ਕਰਨ। ਸਗੋਂ ਉਹਨਾਂ ਤੋ ਲੋੜੀਂਦੇ ਕਾਗਜਾਤ ਲੈ ਕੇ ਉਹਨਾਂ ਦੀ ਮੱਦਦ ਕਰਨ। ਇਕ ਸਵਾਲ ਦੇ ਜਵਾਬ ਚ ਉਹਨਾਂ ਕਿਹਾ ਕੇ ਪੰਜਾਬ ਵਿਚਲੀ ਮਾਨ ਸਰਕਾਰ ਅਸਲ ਚ ਲੋਕਾਂ ਦਾ ਵਿਸ਼ਵਾਸ਼ ਗੁਆ ਚੁੱਕੀ ਹੈ।ਕਿਉਂਕਿ ਵਿਧਾਨ ਸਭਾ ਚੋਣਾ ਚ ਜੋ ਵਾਅਦੇ ਸੂਬੇ ਦੀ ਢਾਈ ਕਰੋੜ ਜਨਤਾ ਨਾਲ ਕਰਕੇ ਉਹਨਾਂ ਦਾ ਮਤ ਹਾਸਲ ਕੀਤਾ ਗਿਆ ਸੀ ਉਸ ਤੇ ਖਰੀ ਨਹੀਂ ਉੱਤਰੀ।

## ਨਸ਼ਾਂ ਕਰਨ ਵਾਲਾ ਵਿਅਕਤੀ ਕਈ ਤਰਾਂ ਦੀਆਂ ਨਾ ਮੁਰਾਦ ਬਿਮਾਰੀਆਂ ਨੂੰ ਜਨਮ ਦਿੰਦਾ ਹੈ: ਡਾ ਦਵਿੰਦਰ ਕਮਾਰ




ਸ੍ਰੀ ਮਾਛੀਵਾੜਾ ਸਾਹਿਬ-(ਲੋਕ ਬਾਣੀ) ਸਥਾਨਕ ਸ਼ਹਿਰ ਦੇ ਸ਼੍ਰੀ ਸ਼ੰਕਰ ਦਾਸ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਮਿਊਨਿਟੀ ਹੈਲਥ ਸੈਂਟਰ ਮਾਛੀਵਾੜਾ ਸਾਹਿਬ ਦੇ ਡਾ ਦਵਿੰਦਰ ਕੁਮਾਰ ਦੀ ਅਗਵਾਈ ਵਿੱਚ ਨਸ਼ਾਂ ਵਿਰੋਧੀ ਸੈਮੀਨਾਰ ਲਗਾਇਆ ਗਿਆ। ਇਸ ਮੌਕੇ ਸਕੂਲ ਵਿਦਿਆਰਥੀਆ ਨੂੰ ਸੰਬੋਧਨ ਕਰਦੇ ਹੋਏ ਡਾ ਦਵਿੰਦਰ ਕੁਮਾਰ ਨੇ ਕਿਹਾ ਕਿ ਨਸ਼ਾਂ ਕਰਨ ਵਾਲੇ ਲੋਕ ਕਈ ਕਿਸਮ ਦੀਆਂ ਨਾ ਮੁਰਾਦ ਬਿਮਾਰੀਆਂ ਨੂੰ ਜਨਮ ਦਿੰਦੇ ਹਨ। ਜਿਵੇਂ ਤੰਬਾਕੂ ਦਾ ਨਸ਼ਾਂ ਕਰਨ ਨਾਲ ਮੂੰਹ ਦਾ ਕੈਂਸਰ,ਸਿਰਗਟ ਜਾਂ ਬੀੜੀ ਪੀਣ ਨਾਲ ਫੇਫੜਿਆਂ ਦੀ ਟੀ ਵੀ ਜਾਂ ਕੈਂਸਰ ਹੋ ਜਾਂਦਾ ਹੈ। ਸ਼ਰਾਬ ਜ਼ਿਆਦਾ ਪੀਣ ਨਾਲ ਗੁਰਦੇ ਜਾਂ ਲਿਵਰ ਖਰਾਬ ਹੋ ਜਾਂਦਾ ਹੈ। ਕਿਸੇ ਬਿਮਾਰੀ ਨਾਲ ਗ੍ਰਸਤ ਵਿਅਕਤੀ ਦੀ ਵਰਤੀਂ ਹੋਈ ਸੂਈ ਦੀ ਵਰਤੋਂ ਨਾਲ ਤੰਦਰੁਸਤ ਵਿਅਕਤੀ ਭਿਆਨਿਕ ਬਿਮਾਰੀ ਦੀ ਪਕੜ ਵਿੱਚ ਆ ਸਕਦਾ ਹੈ। ਇਸ ਲਈ ਸਾਨੂੰ ਨਸ਼ਿਆਂ ਤੋਂ ਦੂਰ ਰਹਿਣਾ ਚਾਹੀਦਾ ਹੈ। ਸਕੂਲ ਦੇ ਵਧੀਕ ਪ੍ਰਿੰਸੀਪਲ ਨਿਰੰਜਨ ਸੂਖਮ ਨੇ ਬੱਚਿਆ ਨੂੰ ਕਿਹਾ ਕਿ ਸਾਨੂੰ ਹਮੇਸ਼ਾਂ ਘਰ ਦਾ ਬਣਿਆ ਹੋਇਆ ਪੌਸ਼ਟਿਕ ਅਤੇ ਸਵਾਦਿਸ਼ਟ ਤਾਜਾ ਭੋਜਨ, ਹਰੀਆਂ ਸ਼ਬਜ਼ੀਆਂ ਅਤੇ ਪ੍ਰੋਟੀਨ ਭਰਪੂਰ ਦਾਲਾਂ ਦਾ ਵੱਧ ਤੋਂ ਵੱਧ ਸੇਵਨ ਕਰਨਾ ਚਾਹੀਦਾ ਹੈ। ਐੱਨ.ਜੀ.ਓ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਨੇ ਬੱਚਿਆਂ ਨੂੰ ਨਸ਼ੇ ਦੇ ਮਾੜੇ ਪ੍ਰਭਾਵ ਅਤੇ ਗਲਤ ਸੰਗਤ ਤੋਂ ਬਚਣ ਲਈ ਕਿਹਾ ਅਤੇ ਉਨਾਂ ਨੇ ਬੱਚਿਆਂ ਨੂੰ ਸੌਂਹ ਵੀ ਚੁਕਾਈ। ਇਸ ਮੌਕੇ ਗੁਰਪ੍ਰੀਤ ਕੌਰ (ਸੀ ਐਚ ਓ), ਡਾ ਰਸ਼ਪਾਲ ਸਿੰਘ, ਡਾ ਸਤਵਿੰਦਰ ਕੌਰ, ਸ਼ੂਸ਼ਮਾ ਰਾਣੀ, ਸਤਵੰਤ ਸਿੰਘ, ਨਰਿੰਦਰ ਸਿੰਘ (ਕੈਂਪਸ ਮੈਨੇਜਰ), ਐੱਨ.ਜੀ.ਓ ਮੈਂਬਰ ਮਿੰਕੂ ਹੰਸ, ਰੀਨਾ ਸ਼ਰਮਾ (ਲੈਕਚਰਾਰ) ਆਦਿ ਹਾਜ਼ਰ ਸਨ।

# ਵਿਧਾਇਕ ਪੰਡੋਰੀ ਨੇ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਨਾਲ ਹਲਕਾ ਮਹਿਲ ਕਲਾਂ ਦੀਆਂ ਸਮੱਸਿਆਵਾਂ ਸਬੰਧੀ ਕੀਤੀ ਮੁਲਾਕਾਤ

## ਸੂਬੇ ਦੀ ਨੁਹਾਰ ਬਦਲ ਲਈ ਸਰਕਾਰ ਕਰ ਰਹੀ ਹੈ ਵੱਡੇ ਉਪਰਾਲੇ: ਵਿਧਾਇਕ ਪੰਡੋਰੀ




ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਆਮ ਆਦਮੀ ਪਾਰਟੀ ਹਲਕਾ ਮਹਿਲ ਕਲਾਂ ਦੇ ਵਿਧਾਇਕ ਸਰਦਾਰ ਕੁਲਵੰਤ ਸਿੰਘ ਪੰਡੋਰੀ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨਾਲ ਜਲੰਧਰ ਦੀ ਜ਼ਿਮਨੀ ਚੋਣ ਤੋਂ ਬਾਅਦ ਹਲਕਾ ਮਹਿਲ ਕਲਾਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਵਿਧਾਇਕ ਪੰਡੋਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਹੈ ਕਿ ਮਾਨਯੋਗ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਕੋਲ ਉਹਨਾਂ ਹਲਕਾ ਮਹਿਲ ਕਲਾਂ ਦੇ ਵਿਕਾਸ ਕਾਰਜਾਂ, ਲੜਕੀਆਂ ਲਈ ਵਿਸ਼ੇਸ਼ ਕਾਲਜ, ਆਈਟੀਆਈ ਆਉਣ ਤੋਂ ਇਲਾਵਾ ਸਰਕਾਰੀ ਹਸਪਤਾਲਾਂ ਦੀ ਦਿਖ ਨੂੰ ਬਦਲਣਾ, ਦਲਿਤ ਸਮਾਜ ਦੀਆਂ ਸਮੱਸਿਆਵਾਂ ਆਦਿ ਹੋਰ ਅਨੇਕਾਂ ਮੁੱਦਿਆਂ ਤੇ ਵਿਚਾਰ ਚਰਚਾ ਕੀਤੀ ਗਈ। ਮੁੱਖ ਮੰਤਰੀ ਮਾਨ ਨੇ ਉਹਨਾਂ ਨੂੰ ਭਰੋਸਾ ਦਵਾਇਆ ਕਿ ਜਲਦ ਹੀ ਹਲਕਾ ਮਹਿਲ ਕਲਾਂ ਦੇ ਸਮੁੱਚੇ ਕਾਰਜਾਂ ਨੂੰ ਨੇਪਰੇ ਚਾੜਿਆ ਜਾਵੇਗਾ। ਇਸ ਮੌਕੇ ਪੰਡੋਰੀ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਥੋੜੇ ਸਮੇਂ ਅੰਦਰ ਹੀ ਪੰਜਾਬ ਵਿੱਚ ਇਤਿਹਾਸਿਕ ਕੰਮ ਕਰ ਵਿਖਾਏ ਹਨ। ਜਦੋਂ ਕਿ ਵਿਰੋਧੀ ਪਾਰਟੀਆਂ ਨੂੰ ਲੋਕ ਪਹਿਲਾਂ ਹੀ ਨਕਾਰ ਚੁੱਕੇ ਹਨ ਅਤੇ ਉਹਨਾਂ ਕੋਲ ਸਰਕਾਰ ਨੂੰ ਬੇਵਜਹਾ ਭੰਡਣ ਤੋਂ ਸਿਵਾਏ ਪੱਲੇ ਕੁਝ ਵੀ ਨਹੀਂ। ਉਹਨਾਂ ਇੱਕ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਆਮ ਆਦਮੀ ਪਾਰਟੀ ਇੱਕ ਮੁੱਠ ਹੋ ਕੇ ਪੰਜਾਬ ਦੇ ਹੱਕਾਂ ਅਤੇ ਹਿੱਤਾਂ ਲਈ ਕੰਮ ਕਰ ਰਹੀ ਹੈ ਅਤੇ ਕਰਦੀ ਰਹੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਪ੍ਰਧਾਨ ਹੈਪੀ ਔਲਖ,ਰਾਜਵਿੰਦਰ ਸਿੰਘ ਸ਼ੇਰਪੁਰ, ਸੋਸ਼ਲ ਮੀਡੀਆ ਕੋਆਰਡੀਨੇਟਰ ਹਰਪ੍ਰੀਤ ਸਿੰਘ ਟਿੱਬਾ, ਨੌਜਵਾਨ ਆਗੂ ਮਨਵੀਰ ਸਿੰਘ ਬੜੀ, ਬੁੱਧੀਜੀਵੀ ਮੰਚ ਦੇ ਹਲਕਾ ਕੁਆਰਡੀਨੇਟਰ ਡਾਕਟਰ ਰਣਜੀਤ ਸਿੰਘ ਕਾਲਾਬੂਲਾ, ਭੋਲਾ ਸਿੰਘ ਸੇਰਪੁਰ, ਹੰਸਾ ਸਿੰਘ ਗੰਡੇਵਾਲ, ਬਿੰਦਰ ਸਿੰਘ ਖਾਲਸਾ ਪੀਏ ਵੀ ਹਾਜ਼ਰ ਸਨ।

# ਤੇਜ ਹਨੇਰੀ ਨੇ ਭੰਨੇ ਦਰੱਖਤ ਰੋੜ ਹੋਏ ਜਾਮ,ਮੌਸਮ ਦਾ ਮਜਾਜ ਬਦਲਿਆ




ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਪਿਛਲੇ ਕਈ ਦਿਨਾਂ ਤੋਂ ਸੂਬੇ ਅੰਦਰ ਪੈ ਰਹੀ ਅੱਤ ਦੀ ਗਰਮੀ ਨੇ ਜਿੱਥੇ ਲੋਕਾਂ ਦਾ ਬੁਰਾ ਹਾਲ ਕੀਤਾ ਹੋਇਆ ਸੀ ਉੱਥੇ ਅੱਜ ਭਾਰੀ ਬਾਰਿਸ਼ ਨੇ ਲੋਕਾਂ ਨੂੰ ਗਰਮੀ ਤੋਂ ਵੱਡੀ ਰਾਹਤ ਜਰੂਰ ਦਿੱਤੀ। ਜਿੱਥੇ ਮੌਸਮ ਦਾ ਮਿਜਾਜ ਬਦਲਿਆ ਹੈ ਉੱਥੇ ਤੇਜ ਹਵਾਵਾਂ ਤੇ ਝੱਖੜ ਝੋਲਿਆਂ ਨੇ ਸੜਕਾਂ ਕਿਨਾਰੇ ਖੜੇ ਹਰੇ ਭਰੇ ਰੁੱਖਾਂ ਨੂੰ ਵੀ ਤੋੜ ਸੁੱਟਿਆ। ਸ਼ੇਰਪੁਰ ਘਨੌਰੀ ਕਲਾਂ ਰੋਡ ਅਤੇ ਰਾਜੋਮਾਜਰਾ ਕੱਕੜਵਾਲ ਤੋਂ ਇਲਾਵਾ ਕਸਬੇ ਦੀਆਂ ਕਈ ਹੋਰ ਸੜਕਾਂ ਉੱਪਰ ਤੇਜ਼ ਹਨੇਰੀ ਕਾਰਨ ਡਿੱਗੇ ਦਰਖਤਾਂ ਨੇ ਆਵਾਜਾਈ ਵਿੱਚ ਵੀ ਵਿਘਨ ਪਾਇਆ।ਵਾਹਨ ਚਾਲਕਾਂ ਨੂੰ ਆਪਣੀ ਮੰਜ਼ਿਲ ਤੇ ਜਾਣ ਲਈ ਜਿੱਥੇ ਘੰਟੇ ਵਧੀ ਇੰਤਜ਼ਾਰ ਕਰਨਾ ਪਿਆ ਉੱਥੇ ਬਹੁਤੇ ਵਾਹਨ ਚਾਲਕ ਰਾਸਤਾ ਬਦਲਦੇ ਵੀ ਦੇਖੇ ਗਏ। ਪਿੰਡਾਂ ਦੇ ਲੋਕਾਂ ਨੇ ਦਰੱਖਤਾਂ ਨੂੰ ਕੱਟ ਕੇ ਰਾਸਤਾ ਸਾਫ ਕੀਤਾ। ਦੂਜੇ ਪਾਸੇ ਸ਼ੇਰਪੁਰ ਦੇ ਕਾਤਰੋਂ ਚੌਂਕ ਵਿੱਚ ਹਾਲ ਹੀ ਦੌਰਾਨ ਬਣੀ ਸੜਕ ਦੀ ਪੂਲੀ ਵਿੱਚ ਇੱਕ ਵੱਡਾ ਵਾਹਣ ਫਸ ਜਾਣ ਕਾਰਨ ਲੋਕਾਂ ਨੂੰ ਭਾਰੀ ਮੁਸੱਕਤਾਂ ਦਾ ਸਾਹਮਣਾ ਕਰਨਾ ਪਿਆ। ਇੱਥੇ ਹੀ ਬੱਸ ਨਹੀਂ ਸ਼ੇਰਪੁਰ ਵਿੱਚ ਕਈ ਸਰਕਾਰੀ ਦਫਤਰਾਂ ਵਿੱਚ ਮੀਂਹ ਦਾ ਜਿਆਦਾ ਪਾਣੀ ਭਰ ਜਾਣ ਕਾਰਨ ਖਪਤਕਾਰਾਂ ਨੂੰ ਭਾਰੀ ਖੱਜਲ ਖੁਆਰੀ ਦਾ ਸਾਹਮਣਾ ਵੀ ਕਰਨਾ ਪਿਆ।

# ਹੈਰਾਨ ਕਰਨ ਵਾਲਾ ਟਵਿਸਟ: ਦਿਲਾਂ ਦੇ ਰਿਸ਼ਤੇ ਦੇ ਅੱਜ ਦੇ ਐਪੀਸੋਡ ਚ ਅਰਸ਼ਪ੍ਰੀਤ ਨੇ ਸ਼ਮਿੰਦਰ ਨੂੰ ਮਾਰਨ ਦੀ ਕੀਤੀ ਕੋਸ਼ਿਸ਼




(ਲੋਕ ਬਾਣੀ) ਗੁਰਮਨ, ਬਾਬਾ ਜੀ ਨੂੰ ਉਸਦੀ ਮਦਦ ਕਰਨ ਲਈ ਕਹਿੰਦੀ ਹੈ, ਡਾ. ਸੀਮਾ, ਸ਼ਮਿੰਦਰ ਨੂੰ ਫ਼ੋਨ ਕਰਦੀ ਹੈ ਅਤੇ ਉਸਨੂੰ ਸੂਚਿਤ ਕਰਦੀ ਹੈ ਕਿ ਉਸਦੀ ਮਾਂ ਉਸਨੂੰ ਮਿਲਣਾ ਚਾਹੁੰਦੀ ਹੈ। ਸ਼ਮਿੰਦਰ ਨੂੰ ਪਤਾ ਲੱਗਾ ਕਿ ਕੀਰਤ ਉਸ ਦੀ ਧੀ ਹੈ।

ਅੱਜ ਦੇ ਦਿਲਾਂ ਦੇ ਰਿਸ਼ਤੇ ਐਪੀਸੋਡ ਵਿੱਚ, ਸ਼ਮਿੰਦਰ ਅਸਿੱਧੇ ਤੌਰ ਤੇ ਪ੍ਰਭ ਨੂੰ ਪੁੱਛਦਾ ਹੈ ਕਿ ਕੀ ਕੀਰਤ ਉਨ੍ਹਾਂ ਦੀ ਧੀ ਸੀ। ਦੂਜੇ ਪਾਸੇ, ਅਰਸ਼ਪ੍ਰੀਤ ਨੇ ਸ਼ਮਿੰਦਰ ਨੂੰ ਮਾਰਨ ਦੀ ਕੋਸ਼ਿਸ਼ ਕੀਤੀ। ਕੀਰਤ, ਆਪਣੇ ਅੰਕਲ ਸ਼ਮਿੰਦਰ ਨੂੰ ਬਚਾਉਂਦੀ ਹੈ ਅਤੇ ਉਹ ਚੰਗਾ ਸਮਾਂ ਸਾਂਝਾ ਕਰਦੇ ਹਨ।

ਕੀ ਅਰਸ਼ਪ੍ਰੀਤ, ਸ਼ਮਿੰਦਰ ਨੂੰ ਮਾਰਨ ਦੀ ਕੋਸ਼ਿਸ਼ ਕਰ ਰਹੀ ਹੈ ? ਕੀ ਪ੍ਰਭਜੋਤ, ਕੀਰਤ ਨੂੰ ਨੂੰਹ ਵਜੋਂ ਸਵੀਕਾਰ ਕਰੇਗੀ ? ਜ਼ੀ ਪੰਜਾਬੀ ਤੇ ਹਰ ਸੋਮ ਤੋਂ ਸ਼ਨੀਵਾਰ ਸ਼ਾਮ 7:30 ਵਜੇ ਦਿਲਾਂ ਦੇ ਰਿਸ਼ਤੇ ਦਾ ਦਿਲਚਸਪ ਐਪੀਸੋਡ ਦੇਖੋ।

# ਸ਼ਾਂਤੀ ਦੇਵੀ ਕਾਲਜ ਦੀਆਂ ਰੈੱਡ ਕਰਾਸ ਦੀਆਂ ਵਿਦਿਆਰਥਣਾਂ ਨੇ ਸੋਲਨ ਹਿਮਾਚਲ ਪ੍ਰਦੇਸ਼ ਚੋਂ ਲਏ ਇਨਾਮ




ਦੀਨਾਨਗਰ : (ਡਾ.ਰਮੇਸ਼ ਸਰੰਗਲ ) ਸਥਾਨਕ ਸ਼ਾਂਤੀ ਦੇਵੀ ਆਰਿਆ ਮਹਿਲਾ ਕਾਲਜ ਦੇ ਰੈਡ ਕਰਾਸ ਵਿਭਾਗ ਦੀਆਂ ਵਿਦਿਆਰਥਣਾਂ ਨੇ ਸਰਸਵਤੀ ਵਿਦਿਆ ਅੰਦਰ ਸਕੂਲ ਸੋਲਨ ਹਿਮਾਚਲ ਪ੍ਰਦੇਸ਼ ਵਿੱਚ ਪੰਜਾਬ ਰੈੱਡ ਕਰਾਸ ਚੰਡੀਗੜ੍ਹ ਬਰਾਂਚ ਵੱਲੋਂ ਮਿਤੀ 21 ਜੂਨ ਤੋਂ 25 ਜੂਨ ਤੱਕ ਲਗਾਏ ਗਏ ਟਰੇਨਿੰਗ ਕਮ-ਸਟੱਡੀ ਕੈਂਪ ਵਿਚ ਹਿੱਸਾ ਲਿਆ । ਇਸ ਕੈਂਪ ਵਿੱਚ ਪੂਰੇ ਪੰਜਾਬ ਦੇ ਵੱਖ੨ ਜਿਲ੍ਹਿਆਂ ਦੀਆਂ ਰੈਡ ਕਰਾਸ ਵਿਭਾਗ ਦੀਆਂ ਵਿਦਿਆਰਥਣਾਂ ਨੇ ਹਿੱਸਾ ਲਿਆ। ਇਸ ਟਰੇਨਿੰਗ ਕੈਂਪ ਦੌਰਾਨ ਵਿਦਿਆਰਥਣਾਂ ਨੂੰ ਫਸਟਏਡ ਦੀ ਸਿਖਲਾਈ, ਇਸਦੀ ਮਹੱਤਤਾ, ਰੈੱਡ ਕਰਾਸ ਦੇ ਇਤਿਹਾਸ, ਇਸਦੇ ਮੁਢਲੇ ਸਿਧਾਂਤਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਕੈਂਪ ਦੌਰਾਤ ਸਮਾਜਿਕ ਕੁਰੀਤੀਆਂ ਬਾਰੇ ਵਿਦਿਆਰਥਣਾਂ ਨੂੰ ਜਾਣਕਾਰੀ ਦਿੱਤੀ ਗਈ ਅਤੇ ਇਨ੍ਹਾਂ ਤੋਂ ਬਚਕੇ ਰਹਿਣ ਦੇ ਲਈ ਸੁਝਾਅ ਵੀ ਦਿੱਤੇ ਗਏ।

ਇਸ ਰਾਜ ਪੱਧਰੀ ਕੈਂਪ ਦੌਰਾਨ ਵਿਦਿਆਰਥੀਆਂ ਅੰਦਰ ਵੱਖ ਵੱਖ ਕਲਾਵਾਂ ਦੇ ਵਿਕਾਸ ਲਵੀ ਸੱਭਿਆਚਾਰਕ ਅਤੇ ਸਾਹਿਤਕ ਮੁਕਾਬਲੇ ਵੀ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਇਸ ਸੰਸਥਾ ਦੀ ਕੁਮਾਰੀ ਪ੍ਰੀਤੀ ਨੇ ਕੁੱਇਜ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਗੁਰਦੀਪ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਗੁਰੁੱਪ ਡਾਂਸ ਵਿੱਚੋਂ ਬਬਿਤਾ, ਡੌਲੀ, ਸਿਅਰਜੀਤ, ਗੁਰਦੀਪ, ਸਿਮਰਤ ਅਤੇ ਮੁਸਕਾਨ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ । ਗਰੁੱਪ ਲੌਂਗ ਵਿੱਚੋਂ ਕੁਮਾਰੀ ਹਿਨਾ, ਸਿਮਰਤ, ਮੁਸਕਾਨ, ਅਤੇ ਬਬਿਤਾ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ । ਲੋਕਗੀਤ ਮੁਕਾਬਲੇ ਵਿੱਚ ਗੁਰਦੀਪ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ । ਕਾਲਜ ਪਹੁੰਚਣ ਤੇ ਇਨ੍ਹਾਂ ਵਿਦਿਆਰਥਣਾਂ ਦਾ ਜੋਰਦਾਰ ਸਵਾਗਤ ਕੀਤਾ ਗਿਆ।

ਕਾਲਜ ਪ੍ਰਿੰ: ਡਾ: ਸੁਸ਼ਮਾ ਗੁਪਤਾ ਵੱਲੋਂ ਅਤੇ ਰੈਡ ਕਰਾਸ ਇੰਚਾਰਜ ਪ੍ਰੋ ਰਣਦੀਪ ਧੂਤ ਵੱਲੋਂ ਇਨ੍ਹਾਂ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਗਈ । ਇਸ ਮੌਕੇ ਤੇ ਵਿਭਾਗ ਡੀਨ ਡਾ: ਕੁਲਵਿੰਦਰ ਕੌਰ ਛੀਨਾ ਅਤੇ ਕੋਆਰਡੀਨੇਟਰ ਡਾ: ਦੀਪਕ ਜੋੜੀ ਵੀ ਮੌਜੂਦ ਸਨ।

# ਪੀ.ਜੀ.ਆਰ.ਐਸ. ਪੋਰਟਲ ਤੇ ਆਨ ਲਾਈਨ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦਾ ਨਿਪਟਾਰਾ ਤੁਰੰਤ ਕੀਤਾ ਜਾਵੇ:ਵਧੀਕ ਡਿਪਟੀ ਕਮਿਸ਼ਨਰ (ਜ)




ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ਮਨਪ੍ਰੀਤ ਵਾਸੂ) ਪੀ.ਜੀ.ਆਰ.ਐਸ. ਪੋਰਟਲ ਤੇ ਆਨ ਲਾਈਨ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦੀ ਪੈਡੰਸੀ ਸਬੰਧੀ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਰਾਜੀਵ ਵਰਮਾ, ਪੀ.ਸੀ.ਐਸ. ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਨਵਾਂਸ਼ਹਿਰ ਵਿਖੇ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਸੀਨੀਅਰ ਪੁਲਿਸ ਕਪਤਾਨ, ਜ਼ਿਲਾ ਵਿਕਾਸ ਤੇ ਪੰਚਾਇਤ ਅਫਸਰ, ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਤੇ ਲੋਕ ਨਿਰਮਾਣ ਵਿਭਾਗ ਅਤੇ ਮਿਉਸਪਲ ਕਮੇਟੀ ਪਾਸੋਂ ਪੋਰਟਲ ਤੇ ਪੈਡਿੰਗ ਪਈਆਂ ਕੁੱਲ 21 ਸ਼ਿਕਾਇਤਾਂ ਸਬੰਧੀ ਸਬੰਧਤ ਵਿਭਾਗਾਂ / ਦਫਤਰਾਂ ਦੇ ਕਰਮਚਾਰੀ ਹਾਜ਼ਰ ਆਏ। ਡਿਪਟੀ ਕਮਿਸ਼ਨਰ (ਜ) ਨੇ ਮੀਟਿੰਗ ਵਿੱਚ ਹਾਜਰ ਆਏ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਪੀ.ਜੀ.ਆਰ.ਐਸ.ਪੋਰਟਲ ਤੇ ਆਨ ਲਾਈਨ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦਾ ਨਿਪਟਾਰਾ ਸਮੇਂ ਸਿਰ ਕੀਤਾ ਜਾਵੇ। ਅਗਰ ਕਿਸੇ ਵਿਭਾਗ ਵਲੋਂ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਦਿਖਾਈ ਤਾਂ ਉਸ ਵਿਭਾਗ ਦੇ ਮੁੱਖੀ ਨੂੰ ਸਬੰਧਤ ਕਰਮਚਾਰੀ / ਅਧਿਕਾਰੀ ਵਿਰੁੱਧ ਕਾਰਵਾਈ ਕਰਨ ਲਈ ਲਿਖ ਦਿੱਤਾ ਜਾਵੇਗਾ। ਅੰਤ ਵਿੱਚ ਉਨ੍ਹਾਂ ਨੇ ਸਾਰੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਆਮ ਪਬਲਿਕ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਨਿੱਜੀ ਧਿਆਨ ਦੇ ਕੇ ਕੀਤਾ ਜਾਵੇ।

# ਵਧੀਕ ਡਿਪਟੀ ਕਮਿਸ਼ਨਰ ਨੇ ਪਟਵਾਰੀ ਉਮੀਦਵਾਰਾਂ ਨੂੰ ਕੀਤਾ ਪ੍ਰੇਰਿਤ




ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ਮਨਪ੍ਰੀਤ ਵਾਸੂ) ਆਰਜੀ ਪਟਵਾਰੀ ਸਕੂਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਨਵਾਂਸ਼ਹਿਰ ਵਿਖੇ ਜ਼ਿਲ੍ਹੇ ਦੇ 26 ਪਟਵਾਰੀ ਉਮੀਦਵਾਰਾਂ ਨੂੰ ਦਿੱਤੀ ਜਾ ਰਹੀ ਟ੍ਰੇਨਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ ਨੇ ਦੌਰਾ ਕਰਕੇ ਪ੍ਰੇਰਿਤ ਕੀਤਾ। ਇਸ ਮੌਕੇ 'ਤੇ ਜ਼ਿਲ੍ਹਾ ਰੋਜ਼ਗਾਰ ਉੱਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਸੰਜੀਵ ਕੁਮਾਰ, ਅਧਿਆਪਕ ਸੁਰਿੰਦਰ ਸਿੰਘ ਅਤੇ ਹੋਰ ਅਧਿਕਾਰੀ/ ਕਰਮਚਾਰੀ ਹਾਜ਼ਰ ਸਨ।ਉਮੀਦਵਾਰਾਂ ਨੂੰ ਪ੍ਰੇਰਿਤ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ ਨੇ ਕਿਹਾ ਕਿ ਉਹ ਆਪਣੀ ਟ੍ਰੇਨਿੰਗ ਮਿਹਨਤ ਅਤੇ ਲੱਗਨ ਨਾਲ ਪੂਰੀ ਕਰਨ ਤਾਂ ਜੋ ਬਾਅਦ ਵਿੱਚ ਉਨ੍ਹਾਂ ਨੂੰ ਕੋਈ ਦਿਕਤ ਨਾ ਆਵੇ। ਉਨ੍ਹਾਂ ਦੱਸਿਆ ਕਿ ਇਹ ਕੰਪਿਊਟਰ ਟ੍ਰੇਨਿੰਗ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵਿਖੇ ਜ਼ਿਲ੍ਹਾ ਸਿਸਟਮ ਮੈਨੇਜਰ ਪੀ.ਐਲ.ਆਰ.ਐਸ. ਵੱਲੋਂ ਮੁਹੱਈਆ ਕਰਵਾਈ ਜਾ ਰਹੀ ਹੈ, ਜੋ ਕਿ ਉਮੀਦਵਾਰਾਂ ਨੂੰ ਆਪਣੇ ਰੋਜ਼ਾਨਾ ਕੰਮ ਵਿੱਚ ਬਹੁਤ ਸਹਾਇਕ ਹੋਵੇਗੀ। ਉਨ੍ਹਾਂ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਕੰਪਿਊਟਰ ਸਿਸਟਮ ਨੂੰ ਅਪਡੇਟ ਰੱਖਣ ਤਾਂ ਜੋ ਇੰਨ੍ਹਾਂ ਸਿੱਖਿਆਰਥੀਆਂ ਨੂੰ ਕਿਸੇ ਕਿਸਮ ਦੀ ਟ੍ਰੇਨਿੰਗ ਦੌਰਾਨ ਪ੍ਰੇਸ਼ਾਨੀ ਨਾ ਹੋਵੇ।

# ਮੁੱਖ ਸਕੱਤਰ ਪੰਜਾਬ ਅਨੁਰਾਗ ਵਰਮਾ ਵੱਲੋਂ ਜ਼ਿਲ੍ਹਾ ਲੁਧਿਆਣਾ ਦੇ ਵੱਖ-ਵੱਖ ਥਾਵਾਂ ਤੇ 1.33 ਲੱਖ ਬੂਟੇ ਲਗਾਉਣ ਦੀ ਵਿਸ਼ਾਲ ਮੁਹਿੰਮ ਦੀ ਸ਼ਲਾਘਾ

ਲੁਧਿਆਣਾ, (ਸੁਖਚੈਨ ਮਹਿਰਾ) ਪੰਜਾਬ ਦੀ ਹਰਿਆਵਲ ਨੂੰ ਹੁਲਾਰਾ ਦੇਣ ਦੇ ਉਦੇਸ਼ ਨਾਲ ਨਿਵੇਕਲੀ ਪਹਿਲਕਦਮੀ ਤਹਿਤ ਜ਼ਿਲ੍ਹਾ ਲੁਧਿਆਣਾ ਦੀਆਂ ਵੱਖ-ਵੱਖ ਥਾਵਾਂ ਉੱਤੇ 1.33 ਲੱਖ ਬੂਟੇ ਲਗਾ ਕੇ ਵੱਡੇ ਪੱਧਰ ਉੱਤੇ ਪੌਦੇ ਲਗਾਉਣ ਦੀ ਵਿਸ਼ਾਲ ਮੁਹਿੰਮ ਚਲਾਈ ਗਈ। ਨਹਿਰੂ ਰੋਜ਼ ਗਾਰਡਨ ਲੁਧਿਆਣਾ ਵਿਖੇ ਮੁੱਖ ਸਕੱਤਰ ਪੰਜਾਬ ਸ੍ਰੀ ਅਨੁਰਾਗ ਵਰਮਾ ਵੱਲੋਂ ਅੱਜ ਇੱਕ ਪੌਦਾ ਲਗਾਇਆ ਗਿਆ। ਇਸ ਮੌਕੇ ਉਹਨਾਂ ਨਾਲ ਡਿਪਟੀ ਕਮਿਸ਼ਨਰ-ਕਮ-ਕਮਿਸ਼ਨਰ ਨਗਰ ਨਿਗਮ ਸਾਕਸ਼ੀ ਸਾਹਨੀ, ਵਧੀਕ ਡਿਪਟੀ ਕਮਿਸ਼ਨਰ ਮੇਜਰ ਅਮਿਤ ਸਰੀਨ, ਵਧੀਕ ਕਮਿਸ਼ਨਰ ਨਗਰ ਨਿਗਮ ਸ੍ਰੀ ਪਰਮਦੀਪ ਸਿੰਘ, ਸਹਾਇਕ ਕਮਿਸ਼ਨਰ ਕ੍ਰਿਤਿਕਾ ਗੋਇਲ ਅਤੇ ਉਪ ਮੰਡਲ ਮੈਜਿਸਟਰੇਟ (ਲੁਧਿਆਣਾ ਪੂਰਬੀ) ਸ੍ਰੀ ਵਿਕਾਸ ਹੀਰਾ ਵੀ ਮੌਜੂਦ ਸਨ। ਮੁੱਖ ਸਕੱਤਰ ਪੰਜਾਬ ਨੇ ਦੱਸਿਆ ਕਿ ਇਹ ਮੁਹਿੰਮ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਵਚਨਬੱਧਤਾ ਨਾਲ ਸ਼ੁਰੂ ਕੀਤੀ ਗਈ ਹੈ ਤਾਂ ਜੋ ਪੰਜਾਬ ਦੇ ਲੋਕਾਂ ਨੂੰ ਸਾਫ, ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਸੂਬਾ ਸਿਰਜਣ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਉਤਸ਼ਾਹਤ ਕੀਤਾ ਜਾ ਸਕੇ। ਉਹਨਾਂ ਕਿਹਾ ਕਿ ਸੂਬੇ ਵਿੱਚ ਵਾਤਾਵਰਣ ਪ੍ਰਦੂਸ਼ਣ ਨੂੰ ਰੋਕਣ ਲਈ ਅਜਿਹੀਆਂ ਮੁਹਿੰਮਾਂ ਸਮੇਂ ਦੀ ਮੁੱਖ ਲੋੜ ਹੈ। ਉਹਨਾਂ ਕਿਹਾ ਕਿ ਇਹ ਹਰੇਕ ਵਿਅਕਤੀ ਦਾ ਫਰਜ਼ ਬਣਦਾ ਹੈ ਕਿ ਉਹ ਬੂਟੇ ਲਗਾ ਕੇ ਸਾਡੀਆਂ ਅਗਲੀਆਂ ਪੀੜ੍ਹੀਆਂ ਨੂੰ ਵਧੀਆ ਭਵਿੱਖ ਦੇਣ ਲਈ ਵਾਤਾਵਰਣ ਦੀ ਰੱਖਿਆ ਕਰੇ।ਮੁੱਖ ਸਕੱਤਰ ਪੰਜਾਬ ਸ੍ਰੀ ਅਨੁਰਾਗ ਵਰਮਾ ਨੇ ਕਿਹਾ ਕਿ ਇਹ ਜਨ-ਅਭਿਆਨ ਵੇਕ-ਅੱਪ ਲੁਧਿਆਣਾ ਮਿਸ਼ਨ ਦਾ ਹਿੱਸਾ ਹੈ, ਜਿਸਦੇ ਤਹਿਤ ਜ਼ਿਲ੍ਹਾ ਲੁਧਿਆਣਾ ਦੀ ਨਗਰ ਨਿਗਮ ਲੁਧਿਆਣਾ, ਨਗਰ ਕੌਂਸਲਾਂ, ਲੋਕ ਨਿਰਮਾਣ ਵਿਭਾਗ, ਪੇਂਡੂ ਵਿਕਾਸ ਅਤੇ ਪੰਚਾਇਤਾਂ ਨੂੰ ਪੌਦੇ ਲਗਾਉਣ ਦੇ ਵਿਸ਼ੇਸ਼ ਟੀਚੇ ਨਿਰਧਾਰਤ ਕੀਤੇ ਗਏ ਸਨ। ਜਿਸ ਤਹਿਤ ਅੱਜ ਨਗਰ ਨਿਗਮ ਲੁਧਿਆਣਾ ਵੱਲੋਂ ਵੱਖ-ਵੱਖ 21 ਥਾਵਾਂ ਤੇ 22,300 ਬੂਟੇ ਲਗਾਏ ਗਏ। ਉਹਨਾਂ ਕਿਹਾ ਕਿ ਜ਼ਿਲ੍ਹਾ ਲੁਧਿਆਣਾ ਦੀਆਂ ਖੰਨਾ, ਸਾਹਨੇਵਾਲ, ਮਲੌਦ, ਸਮਰਾਲਾ, ਮਾਛੀਵਾੜਾ, ਮੁੱਲਾਂਪੁਰ ਦਾਖਾ, ਰਾਏਕੋਟ, ਜਗਰਾਉਂ, ਪਾਇਲ ਅਤੇ ਦੋਰਾਹਾ ਨਗਰ ਕੌਂਸਲਾਂ ਦੇ ਏਰੀਏ ਵਿੱਚ 1270 ਬੂਟੇ ਲਗਾਏ ਗਏ। ਇਸੇ ਤਰ੍ਹਾਂ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਗਾਲਿਬ ਕਲਾਂ, ਸਿੱਧਵਾਂ ਬੇਟ, ਖਾਸੀ ਕਲਾਂ ਅਤੇ ਲਤਾਲਾ ਪਿੰਡਾਂ ਵਿੱਚ 1.10 ਲੱਖ ਬੂਟੇ ਲਗਾਉਣ ਦੀ ਮੁਹਿੰਮ ਚਲਾਈ ਗਈ।ਇਸ ਤੋਂ ਇਲਾਵਾ ਲੋਕ ਨਿਰਮਾਣ ਵਿਭਾਗ (ਬੀ.ਐਂਡ.ਆਰ) ਵੱਲੋਂ ਰਾਹੋਂ ਰੋਡ ਤੇ ਪਿੰਡ ਗਹਿਲੇਵਾਲ ਵਿਖੇ ਆਪਣੀ ਜ਼ਮੀਨ ਤੇ 200 ਦੇ ਕਰੀਬ ਬੂਟੇ ਲਗਾਏ ਗਏ। ਉਹਨਾਂ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਦੀ ਅਗਵਾਈ ਹੇਠ ਜ਼ਿਲ੍ਹਾ ਲੁਧਿਆਣਾ ਦੇ ਵੱਖ-ਵੱਖ ਥਾਵਾਂ ਤੇ 1.33 ਲੱਖ ਬੂਟੇ ਲਗਾਉਣ ਦੀ ਚਲਾਈ ਗਈ ਇਹ ਵਿਸ਼ਾਲ ਮੁਹਿੰਮ ਦੀ ਸ਼ਲਾਘਾ ਵੀ ਕੀਤੀ। ਸ੍ਰੀ ਅਨੁਰਾਗ ਵਰਮਾ ਨੇ ਕਿਹਾ ਕਿ ਇਹ ਪਹਿਲਕਦਮੀ ਪੰਜਾਬ ਵਿੱਚ ਹਰਿਆਲੀ ਨੂੰ ਵਧਾਉਣ ਲਈ ਇੱਕ ਮਹੱਤਵਪੂਰਨ ਕਦਮ ਹੈ। ਜੰਗਲਾਤ ਰਕਬੇ ਦੇ ਤੇਜ਼ੀ ਨਾਲ ਘਟਣ ਨੂੰ ਧਿਆਨ ਵਿੱਚ ਰੱਖਦੇ ਹੋਏ, ਵੱਧ ਤੋਂ ਵੱਧ ਪੌਦੇ ਲਗਾਉਣ ਦੇ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਪੰਜਾਬ ਅਤੇ ਜ਼ਿਲ੍ਹਾ ਲੁਧਿਆਣਾ ਨੂੰ ਹਰਿਆ ਭਰਿਆ ਸਥਾਨ ਪ੍ਰਦਾਨ ਕਰਨ ਦੀ ਮਹੱਤਤਾ ਅਤੇ ਲਗਾਏ ਗਏ ਬੂਟਿਆਂ ਦੀ ਸਹੀ ਸਾਂਭ-ਸੰਭਾਲ ਕਰਨ ਦੀ ਲੋੜ ਤੇ ਜ਼ੋਰ ਦਿੱਤਾ।




ਮੁੱਖ ਸਕੱਤਰ ਪੰਜਾਬ ਨੇ ਪੌਦਿਆਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੌਦੇ ਸਾਡੇ ਲਈ ਮੁਫ਼ਤ ਆਕਸੀਜਨ ਦਾ ਇੱਕ ਵੱਡਾ ਸਰੋਤ ਹਨ ਅਤੇ ਇਹ ਵਾਤਾਵਰਨ ਨੂੰ ਗੰਧਲਾ ਹੋਣ ਤੋਂ ਬਚਾਉਣ ਵਿੱਚ ਵੀ ਸਹਾਈ ਹੁੰਦੇ ਹਨ। ਮਨੁੱਖੀ ਜਿੰਦਗੀ ਵਿੱਚ ਪੌਦਿਆਂ ਦੀ ਬਹੁਤ ਵੱਡੀ ਮਹੱਤਤਾ ਹੈ। ਦਿਨੋ ਦਿਨ ਪਲੀਤ ਹੋ ਰਹੇ ਵਾਤਾਵਰਨ ਵਿੱਚ ਸੁਧਾਰ ਲਿਆਉਣ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਵਾਤਾਵਰਨ ਦੀ ਸ਼ੁੱਧਤਾ ਲਈ ਵੱਧ ਤੋਂ ਵੱਧ ਰੁੱਖ ਹੋਣੇ ਲਾਜ਼ਮੀ ਹਨ।

# ਗੁਰਦੁਆਰਾ ਘਾਹ ਸਾਹਿਬ ਵਿਖੇ ਗੁਰਮਤਿ ਸਮਾਗਮ ਕੱਲ੍ਹ, ਸ੍ਰੀ ਅਖੰਡ ਪਾਠ ਸਾਹਿਬ ਹੋਏ ਆਰੰਭ।




ਸ੍ਰੀ ਅਨੰਦਪੁਰ ਸਾਹਿਬ-(ਦਵਿੰਦਰਪਾਲ ਸਿੰਘ): ਤਖਤ ਸ੍ਰੀ ਕੇਸਗੜ੍ਹ ਸਾਹਿਬ ਜੀ ਦੀ ਛਤਰ ਛਾਇਆ ਅਤੇ ਗੁਰਦੁਆਰਾ ਕਿਲਾ ਅਨੰਦਗੜ੍ਹ ਸਾਹਿਬ ਵਾਲੇ ਸੰਤ ਮਹਾਂਪੁਰਸ਼ਾਂ ਦੇ ਨਾਲ ਨਾਲ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁਰਦੁਆਰਾ ਘਾਹ ਸਾਹਿਬ, ਪਿੰਡ ਨੀਲਾਂ, ਨੇੜੇ ਕੋਲਾਂ ਵਾਲਾ ਟੋਭਾ, ਹਿਮਾਚਲ ਪ੍ਰਦੇਸ਼ ਵਿਖੇ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਿੰਘ ਜੀ ਦੀ ਯਾਦ ਵਿੱਚ ਲੰਗਰ ਸੇਵਾ ਸੋਸਾਇਟੀ ਪਿੰਡ ਮਟੌਰ, ਸ੍ਰੀ ਅਨੰਦਪੁਰ ਸਾਹਿਬ ਵੱਲੋਂ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ। ਜਿਸ ਸਬੰਧੀ ਅੱਜ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਆਰੰਭ ਕੀਤੇ ਗਏ ਜਿਨਾਂ ਦੇ ਭੋਗ 14 ਜੁਲਾਈ ਦਿਨ ਐਤਵਾਰ ਨੂੰ ਪਾਏ ਜਾਣਗੇ। ਇਹ ਜਾਣਕਾਰੀ ਮਨਿੰਦਰਪਾਲ ਸਿੰਘ ਚੱਠਾ ਨੇ ਦਿੰਦਿਆਂ ਦੱਸਿਆ ਕਿ 14 ਤਰੀਕ ਦਿਨ ਐਤਵਾਰ ਨੂੰ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਸਮਾਗਮ ਦੌਰਾਨ ਕੌਮ ਦੇ ਉੱਚ ਕੋਟੀ ਦੇ ਰਾਗੀ ਸਿੰਘਾਂ ਵੱਲੋਂ ਕੀਰਤਨ ਰਾਹੀਂ ਜਿੱਥੇ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ ਉਥੇ ਹੀ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਤਰਲੋਚਨ ਸਿੰਘ ਚੱਠਾ, ਜੀਤ ਸਿੰਘ ਘੱਟੀਵਾਲ, ਅਮਰਜੀਤ ਸਿੰਘ, ਹਰਪਾਲ ਸਿੰਘ, ਐਡਵੋਕੇਟ ਰਵਿੰਦਰ ਸਿੰਘ ਰਤਨ, ਪਰਮਜੀਤ ਸਿੰਘ ਕਾਕਾ, ਸਤਨਾਮ ਸਿੰਘ, ਜਰਨੈਲ ਸਿੰਘ, ਜਸਪਾਲ ਸਿੰਘ ਪੰਮੀ, ਸ਼ਿੰਦਰ ਸਿੰਘ, ਸਤਿੰਦਰ ਸਿੰਘ ਆਦਿ ਸੰਗਤਾਂ ਹਾਜ਼ਰ ਸਨ।

# ਟ੍ਰੈਫਿਕ ਪੁਲਿਸ ਦੀ ਮਨਚਲਿਆਂ ਉੱਪਰ ਵੱਡੀ ਕਾਰਵਾਈ

## ਸਪੈਸ਼ਲ ਨਾਕੇ ਲਗਾ ਕੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਕੱਟੇ ਚਲਾਨ

ਸ੍ਰੀ ਅਨੰਦਪੁਰ ਸਾਹਿਬ- (ਦਵਿੰਦਰਪਾਲ ਸਿੰਘ) ਜ਼ਿਲਾ ਪੁਲਿਸ ਮੁਖੀ ਗੁਲਨੀਤ ਸਿੰਘ ਖੁਰਾਨਾ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਅੰਦਰ ਟ੍ਰੈਫਿਕ ਨਿਯਮਾਂ ਦੀਆਂ ਧੱਜੀਆਂ ਉੜਾਉਣ ਵਾਲੇ ਮਨਚਲਿਆਂ ਉੱਪਰ ਟ੍ਰੈਫਿਕ ਪੁਲਿਸ ਨੇ ਅੱਜ ਵੱਡੀ ਕਾਰਵਾਈ ਕੀਤੀ। ਟਰੈਫਿਕ ਇੰਚਾਰਜ ਏ ਐਸ ਆਈ ਦੀਦਾਰ ਸਿੰਘ, ਏ ਐਸ ਆਈ ਅਜੇ ਕੁਮਾਰ, ਐਜੂਕੇਸ਼ਨ ਸੈਲ ਇੰਚਾਰਜ ਏ ਐਸ ਆਈ ਸੁਖਦੇਵ ਸਿੰਘ, ਏ ਐਸ ਆਈ ਜਸਪਾਲ ਸਿੰਘ, ਹੌਲਦਾਰ ਹਰਜਾਪ ਸਿੰਘ ਅਤੇ ਉਮੇਸ਼ ਕੁਮਾਰ ਤੇ ਆਧਾਰਿਤ ਟੀਮ ਵੱਲੋਂ ਅੱਜ ਸ਼ਹਿਰ ਦੀਆਂ ਵੱਖ-ਵੱਖ ਥਾਵਾਂ ਉਪਰ ਸਪੈਸ਼ਲ ਨਾਕੇ ਲਗਾ ਕੇ ਟ੍ਰੈਫਿਕ ਨਿਯਮਾਂ ਦੀਆਂ ਧੱਜੀਆਂ ਉਡਾਉਣ ਵਾਲੇ ਮਨਚਲਿਆਂ ਦੇ ਖਿਲਾਫ ਸਖਤ ਕਾਰਵਾਈ ਕਰਦਿਆਂ ਵੱਡੀ ਗਿਣਤੀ ਟੂ-ਵਹੀਲਰਾਂ ਦੇ ਚਲਾਨ ਕੀਤੇ ਗਏ। ਪੁਲਿਸ ਟੀਮ ਨੇ ਦੱਸਿਆ ਕਿ ਸ਼ਹਿਰ ਅੰਦਰ ਬਿਨਾਂ ਨੰਬਰ ਪਲੇਟਾਂ ਤੋਂ ਘੁੰਮਦੇ ਟੂ-ਵਹੀਲਰਾਂ ਦੀਆਂ ਪਿਛਲੇ ਕਈ ਦਿਨਾਂ ਤੋਂ ਬਹੁਤ ਸਾਰੀਆਂ ਸ਼ਿਕਾਇਤਾਂ ਆ ਰਹੀਆਂ ਸਨ, ਜਿਨਾਂ ਦੇ ਮੱਦੇਨਜ਼ਰ ਅੱਜ ਸ਼ਹਿਰ ਦੀਆਂ ਵੱਖ-ਵੱਖ ਥਾਵਾਂ ਉੱਪਰ ਸਪੈਸ਼ਲ ਨਾਕੇ ਲਗਾਏ ਗਏ ਅਤੇ ਚੈਕਿੰਗ ਦੌਰਾਨ ਟ੍ਰੈਫਿਕ ਨਿਯਮਾਂ ਦੀਆਂ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੀਤੇ ਗਏ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਮਨਜ਼ੂਰ ਸ਼ੁਦਾ ਨੰਬਰ ਪਲੇਟਾਂ ਲਗਾਉਣ ਦੇ ਨਾਲ ਨਾਲ ਆਪਣੇ ਵਹੀਕਲਾਂ ਦੇ ਕਾਗਜ ਪੱਤਰ ਪੂਰੇ ਰੱਖਣ ਅਤੇ ਟੂ- ਵਹੀਲਰਾਂ ਉੱਪਰ ਤਿੰਨ ਤਿੰਨ ਜਣੇ ਬੈਠਣ ਤੋਂ ਗੁਰੇਜ ਕਰਨ। ਉਹਨਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਟ੍ਰੈਫਿਕ ਨਿਯਮਾਂ ਦੀਆਂ ਉਲੰਘਣਾ ਕਰਨ ਵਾਲਿਆਂ ਦੇ ਖਿਲਾਫ ਅੱਗੇ ਤੋਂ ਵੀ ਇਸੇ ਤਰ੍ਹਾਂ ਸਖਤ ਕਾਰਵਾਈ ਜਾਰੀ ਰਹੇਗੀ।




# ਸਿੱਖਿਆ ਵਿਭਾਗ ਦੇ ਡੇਅ ਸਕਾਲਰ ਖੇਡ ਵਿੰਗ ਦੇ ਟ੍ਰਾਇਲ 16 ਨੂੰ-: ਅਵਤਾਰ ਸਿੰਘ

ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਬਲਾਕ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਨਗਰੀ ਵਿੱਚ ਸਥਾਪਿਤ ਇਲਾਕੇ ਦੀ ਪ੍ਰਿਸੱਧ ਵਿੱਦਿਅਕ ਸੰਸਥਾ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਲੋਧੀਪੁਰ ਵਿਖੇ ਮਾਨਯੋਗ ਸਿੱਖਿਆ ਮੰਤਰੀ ਸ: ਹਰਜੋਤ ਸਿੰਘ ਬੈਸ ਜੀ ਦੇ ਯਤਨਾਂ ਸਦਕਾ ਡੇਅ ਸਕਾਲਰ ਵਿੰਗ (ਹਾਕੀ ਅੰਡਰ 14) ਦੇ ਟ੍ਰਾਇਲ 16 ਜੁਲਾਈ 2024 ਦਿਨ ਮੰਗਲਵਾਰ ਨੂੰ ਸ੍ਰੀ ਗੁਰੂ ਤੇਗਬਹਾਦੁਰ ਖਲਸਾ ਕਾਲਜ ਵਿਖੇ ਹੋਣਗੇ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਪ੍ਰਿੰਸੀਪਲ ਅਵਤਾਰ ਸਿੰਘ ਦੜੋਲੀ ਨੇ ਕਿਹਾ ਕਿ ਆਦਰਸ਼ ਸਕੂਲ ਵਿਖੇ 14 ਸਪੋਰਟਸ ਵਿੰਗ ਹਾਕੀ (ਲੜਕੇ) ਲਈ ਚੋਣ ਟ੍ਰਾਇਲ ਮਿਤੀ 16 ਜੁਲਾਈ ਨੂੰ ਸ਼ੁਰੂ ਹੋਣ ਜਾ ਰਿਹਾ ਹੈ। ਉਨਾਂ ਅੱਗੇ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਖੇਡਾ ਪਰਤੀ ਸ਼ਲਾਘਾਯੋਗ ਕਦਮ ਚੁੱਕ ਰਹੇ ਹਨ ਅਤੇ ਉਹਨਾਂ ਵਲੋ ਆਦਰਸ਼ ਸਕੂਲ ਨੂੰ ਐਸਟ੍ਰੋਟਰਫ ਦਾ ਤੋਹਫਾ ਦੇਣਾ ਬਹੁਤ ਮਾਣ ਵਾਲੀ ਗੱਲ ਹੈ। ਉਨਾਂ ਦੱਸਿਆ ਕਿ ਚੋਣ ਟ੍ਰਾਇਲ ਵਿੱਚ ਹਿੱਸਾ ਲੈਣ ਵਾਲੇ ਬੱਚੇ ਆਪਣਾ ਆਧਾਰ ਕਾਰਡ ,ਜਨਮ ਸਰਟੀਫਿਕੇਟ ਅਤੇ ਦੋ ਪਾਸਪੋਰਟ ਸਾਈਜ਼ ਫੋਟੋਆ ਨਾਲ ਲੈ ਕੇ ਆਉਣ। ਚੋਣ ਟ੍ਰਾਇਲ ਦੋਰਾਨ ਸਿਲੈਕਟ ਹੋਏ ਖਿਡਾਰੀਆ ਨੂੰ ਪ੍ਰਤੀ ਦਿਨ 100 ਰੁਪਏ ਦੇ ਹਿਸਾਬ ਨਾਲ ਰਿਫਰੈਸ਼ਮੈਂਟ ਵੀ ਦਿੱਤੀ ਜਾਵੇਗੀ।




ਇਸ ਮੋਕੇ ਲੈਕਚਰਾਰ ਚਰਨਜੀਤ ਸਿੰਘ, ਬਲਕਾਰ ਸਿੰਘ, ਬਲਜੀਤ ਕੌਰ, ਮਨਿੰਦਰ ਕੌਰ , ਮੁਕੇਸ਼ ਕੁਮਾਰ ,ਗੁਰਚਰਨ ਸਿੰਘ ,ਕਮਲਪ੍ਰੀਤ ਸਿੰਘ, ਹਰਸਿਮਰਨ ਸਿੰਘ , ਤਪਿੰਦਰ ਕੌਰ ,ਅਜਵਿੰਦਰ ਕੌਰ, ਰਾਜਵੀਰ ਕੌਰ , ਸੁਖਵਿੰਦਰ ਕੋਰ, ਨੇਹਾ ਰਾਣੀ ,ਸੁਰਿੰਦਰਪਾਲ ਸਿੰਘ ,ਨੇਹਾ ਰਾਣੀ ਦੀਪ ਸ਼ਿਖਾ , ਕਮਲਜੀਤ ਕੌਰ,ਗੁਰਪ੍ਰੀਤ ਕੌਰ,ਹੁਰਨੈਬ ਸੈਣੀ ਸ਼ੁਸ਼ੀਲ ਕੁਮਾਰ, ਗੁਰਪ੍ਰੀਤ ਸਿੰਘ, ਰੀਨਾ ਰਾਣੀ ਦਵਿੰਦਰ ਕੌਰ,ਪਰੇਹਾ ,ਰੋਮਿਲ,ਪਿੰਕੀ ਰਾਣੀ,ਅ੍ਮਿਤਪਾਲ ਸਿੰਘ,ਗੁਰਪ੍ਰੀਤ ਕੌਰ,ਸ਼ਰਨਜੀਤ ਕੌਰ, ਰਮਾ ਕੁਮਾਰੀ ਆਦਿ ਹਾਜ਼ਰ ਸਨ।

# ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸ. ਇਕਬਾਲ ਸਿੰਘ ਲਾਲਪੁਰਾ ਨੇ ਉਪ ਰਾਸ਼ਟਰਪਤੀ ਸ਼੍ਰੀ ਜਗਦੀਪ ਧਨਖੜ ਨਾਲ ਘੱਟ ਗਿਣਤੀ ਵਰਗ ਦੇ ਮੁੱਦਿਆਂ ਤੇ ਮਹੱਤਵਪੂਰਨ ਵਿਚਾਰ ਵਟਾਂਦਰੇ ਕੀਤੇ

ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ ਨੇ ਉਪ ਰਾਸ਼ਟਰਪਤੀ ਸ੍ਰੀ ਜਗਦੀਪ ਧਨਖੜ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ। ਮੀਟਿੰਗ ਦੌਰਾਨ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ ਨੇ ਉਪ ਰਾਸ਼ਟਰਪਤੀ ਸ੍ਰੀ ਜਗਦੀਪ ਧਨਖੜ ਜੀ ਨਾਲ ਘੱਟ ਗਿਣਤੀ ਭਾਈਚਾਰਿਆਂ ਦੀ ਹਾਲਤ ਸੁਧਾਰਨ ਲਈ ਵੱਖ-ਵੱਖ ਵਿਕਾਸ ਯੋਜਨਾਵਾਂ ਅਤੇ ਨੀਤੀਆਂ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ।

ਮੀਟਿੰਗ ਦਾ ਮੁੱਖ ਉਦੇਸ਼ ਘੱਟ ਗਿਣਤੀ ਭਾਈਚਾਰਿਆਂ ਦੀ ਭਲਾਈ ਅਤੇ ਵਿਕਾਸ ਨਾਲ ਜੁੜੇ ਮੁੱਦਿਆਂ ਤੇ ਉਪ ਰਾਸ਼ਟਰਪਤੀ ਨਾਲ ਗੱਲਬਾਤ ਕਰਨਾ ਸੀ। ਸ੍ਰੀ ਲਾਲਪੁਰਾ ਨੇ ਉਪ ਰਾਸ਼ਟਰਪਤੀ ਨੂੰ ਘੱਟ ਗਿਣਤੀ ਭਾਈਚਾਰਿਆਂ ਦੇ ਵਿਕਾਸ ਲਈ ਕੌਮੀ ਘੱਟ ਗਿਣਤੀ ਕਮਿਸ਼ਨ ਦੀਆਂ ਵੱਖ-ਵੱਖ ਯੋਜਨਾਵਾਂ ਅਤੇ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ।

ਲਾਲਪੁਰਾ ਨੇ ਉਪ ਰਾਸ਼ਟਰਪਤੀ ਨੂੰ ਦੱਸਿਆ ਕਿ ਕਮਿਸ਼ਨ ਨੇ ਘੱਟ ਗਿਣਤੀ ਭਾਈਚਾਰਿਆਂ ਦੀ ਸਿੱਖਿਆ, ਸਿਹਤ, ਰੁਜ਼ਗਾਰ ਅਤੇ ਸਮਾਜਿਕ ਸੁਰੱਖਿਆ ਨੂੰ ਉਤਸ਼ਾਹਤ ਕਰਨ ਲਈ ਕਈ ਨਵੀਆਂ ਪਹਿਲਕਦਮੀਆਂ ਸ਼ੁਰੂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਸਾਡੀ ਤਰਜੀਹ ਘੱਟ ਗਿਣਤੀ ਭਾਈਚਾਰਿਆਂ ਨੂੰ ਬਰਾਬਰ ਮੌਕੇ ਮਿਲਣ ਅਤੇ ਉਹ ਸਮਾਜ ਦੀ ਮੁੱਖ ਧਾਰਾ ਵਿਚ ਸ਼ਾਮਲ ਹੋਣ ਦੇ ਯੋਗ ਹੋਣ। ਇਸ ਲਈ ਅਸੀਂ ਸਿੱਖਿਆ ਅਤੇ ਹੁਨਰ ਵਿਕਾਸ ਤੇ ਵਿਸ਼ੇਸ਼ ਧਿਆਨ ਦੇ ਰਹੇ ਹਾਂ।

ਲਾਲਪੁਰਾ ਨੇ ਉਪ ਰਾਸ਼ਟਰਪਤੀ ਨੂੰ ਕਮਿਸ਼ਨ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ, ਜਿਸ ਵਿੱਚ ਘੱਟ ਗਿਣਤੀ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਪ੍ਰਾਪਤ ਕਰਨ ਲਈ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਵੱਖ-ਵੱਖ ਸਕਾਲਰਸ਼ਿਪ ਸਕੀਮਾਂ ਸ਼ਾਮਲ ਹਨ। ਇਨ੍ਹਾਂ ਯੋਜਨਾਵਾਂ ਤਹਿਤ ਵਿਦਿਆਰਥੀਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ ਤਾਂ ਜੋ ਉਹ ਆਪਣੀ ਪੜ੍ਹਾਈ ਪੂਰੀ ਕਰ ਸਕਣ ਅਤੇ ਬਿਹਤਰ ਭਵਿੱਖ ਵੱਲ ਕਦਮ ਵਧਾ ਸਕਣ। ਘੱਟ ਗਿਣਤੀ ਨੌਜਵਾਨਾਂ ਨੂੰ ਰੁਜ਼ਗਾਰ ਦੇ ਯੋਗ ਬਣਾਉਣ ਲਈ ਵੱਖ-ਵੱਖ ਹੁਨਰ ਵਿਕਾਸ ਪ੍ਰੋਗਰਾਮ ਸ਼ੁਰੂ ਕੀਤੇ ਗਏ ਹਨ। ਇਨ੍ਹਾਂ ਪ੍ਰੋਗਰਾਮਾਂ ਰਾਹੀਂ ਨੌਜਵਾਨਾਂ ਨੂੰ ਵੱਖ-ਵੱਖ ਕਿੱਤਾਮੁਖੀ ਹੁਨਰਾਂ ਦੀ ਸਿਖਲਾਈ ਦਿੱਤੀ ਜਾਂਦੀ ਹੈ, ਤਾਂ ਜੋ ਉਹ ਆਤਮ ਨਿਰਭਰ ਬਣ ਸਕਣ। ਇਸ ਦੇ ਨਾਲ ਹੀ ਸਮਾਜਿਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵੱਖ-ਵੱਖ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ।




ਲਾਲਪੁਰਾ ਨੇ ਕਿਹਾ ਕਿ ਕਮਿਸ਼ਨ ਨਿਯਮਿਤ ਤੌਰ ਤੇ ਘੱਟ ਗਿਣਤੀ ਭਾਈਚਾਰਿਆਂ ਦੇ ਨੁਮਾਇੰਦਿਆਂ ਨਾਲ ਮੀਟਿੰਗਾਂ ਕਰਦਾ ਹੈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਦਾ ਹੈ। ਉਪ ਰਾਸ਼ਟਰਪਤੀ ਸ਼੍ਰੀ ਜਗਦੀਪ ਧਨਖੜ ਨੇ ਲਾਲਪੁਰਾ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ। ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ। ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ। ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ। ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਜ਼ਿਲ੍ਹਾ ਟਾਸਕ ਫੋਰਸ ਵੱਲੋਂ ਬਾਲ ਭਿੱਖਿਆ ਦੀ ਰੋਕਥਾਮ ਲਈ ਉਪਰਾਲੇ ਜਾਰੀ

## ਵੱਖ-ਵੱਖ ਥਾਵਾਂ ਤੇ ਅਚਨਚੇਤ ਚੈਕਿੰਗ ਕਰਦਿਆਂ 6 ਬੱਚਿਆਂ ਦਾ ਰੈਸਕਿਊ ਵੀ ਕੀਤਾ




ਲੁਧਿਆਣਾ, (ਸੁਖਚੈਨ ਮਹਿਰਾ) - ਜ਼ਿਲ੍ਹਾ ਟਾਸਕ ਫੋਰਸ ਵੱਲੋਂ ਬਾਲ ਭਿੱਖਿਆ ਦੀ ਰੋਕਥਾਮ ਲਈ ਉਪਰਾਲੇ ਜਾਰੀ ਹਨ ਜਿਸਦੇ ਤਹਿਤ ਅੱਜ ਫੇਰ ਜ਼ਿਲ੍ਹੇ ਵਿੱਚ ਵੱਖ-ਵੱਖ ਸਥਾਨਾਂ ਤੇ ਅਚਨਚੇਤ ਚੈਕਿੰਗ ਕਰਦਿਆਂ ਭੀਖ ਮੰਗਦਿਆਂ 6 ਬੱਚਿਆਂ ਨੂੰ ਰੈਸਕਿਊ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਡਾਇਰੈਕਟਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ, ਚੰਡੀਗੜ੍ਹ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾ ਤੇ ਕਾਰਵਾਈ ਕਰਦੇ ਹੋਏ ਜਿਲ੍ਹੇ ਵਿੱਚ ਬਾਲ ਭਿਖਿਆ ਨੂੰ ਰੋਕਣ ਲਈ ਲੁਧਿਆਣਾ, ਜਗਰਾਓਂ ਅਤੇ ਸਮਰਾਲਾ ਵਿੱਚ ਅਲੱਗ-ਅਲੱਗ ਥਾਵਾਂ ਤੇ ਰੇਡ ਕੀਤੀ ਗਈ ਹੈ।

ਜਿਲ੍ਹਾ ਬਾਲ ਸੁਰੱਖਿਆ ਅਫਸਰ, ਲੁਧਿਆਣਾ ਰਸ਼ਮੀ ਦੀ ਅਗਵਾਈ ਹੇਠ ਜ਼ਿਲ੍ਹਾ ਟਾਸਕ ਫੋਰਸ ਟੀਮ ਵੱਲੋਂ ਮੁੱਖ ਚੌਕ ਅਤੇ ਬੱਸ ਅੱਡਾ, ਜਗਰਾਉਂ ਵਿਖੇ ਰੇਡ ਕੀਤੀ ਗਈ ਜਿੱਥੇ 06 ਬੱਚਿਆਂ ਨੂੰ ਭੀਖ ਮੰਗਦਿਆਂ ਰੈਸਕਿਊ ਕੀਤਾ ਗਿਆ। ਇਸ ਤੋਂ ਇਲਾਵਾ ਸਮਰਾਲਾ ਦੇ ਮੁੱਖ ਚੌਂਕ, ਚੰਡੀਗੜ੍ਹ ਰੋਡ ਅਤੇ ਕਚਿਹਰੀਆਂ ਦੇ ਨੇੜਲੇ ਇਲਾਕਿਆਂ ਤੇ ਵੀ ਰੇਡ ਕੀਤੀ ਗਈ।

ਟੀਮ ਵਿੱਚ ਗੀਤੂ ਸੂਦ (ਆਊਟਰੀਚ ਵਰਕਰ), ਦੀਪਕ ਕੁਮਾਰ (ਲੀਗਲ ਅਫਸਰ), ਸੰਜਨਾ ਅਤੇ ਲਵਪ੍ਰੀਤ ਸਿੰਘ (ਸ਼ੋਸ਼ਲ ਵਰਕਰ) ਅਤੇ ਪੁਲਿਸ ਵਿਭਾਗ ਦੇ ਏ.ਐਸ.ਆਈ. ਰਾਜਵਰਿੰਦਰਪਾਲ ਸਿੰਘ ਆਦਿ ਮੈਂਬਰ ਵੀ ਸ਼ਾਮਲ ਸਨ।

# ਸਾਬਕਾ ਸਪੀਕਰ ਰਾਣਾ ਕੇਪੀ ਸਿੰਘ ਨੇ ਸੋਨੀ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ




ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਸ੍ਰੀ ਕੀਰਤਪੁਰ ਸਾਹਿਬ ਤੋਂ ਕੌਂਸਲਰ ਅਤੇ ਉੱਘੇ ਕਾਂਗਰਸੀ ਆਗੂ ਹਿਮਾਂਸ਼ੂ ਟੰਡਨ ਦੇ ਸਹੁਰਾ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ ਦੇ ਉੱਘੇ ਵਪਾਰੀ ਸੁਸ਼ੀਲ ਸੋਨੀ ਜੀ ਜੋ ਕਿ ਬੀਤੇ ਦਿਨੀ ਸੰਖੇਪ ਬਿਮਾਰੀ ਪਿੱਛੋਂ ਅਕਾਲ ਚਲਾਣਾ ਕਰ ਗਏ ਸਨ ਦੇ ਪਰਿਵਾਰ ਨਾਲ ਅੱਜ ਪੰਜਾਬ ਵਿਧਾਨ ਸਭਾ ਦੇ ਸਾਬਕਾ ਸਪੀਕਰ ਰਾਣਾ ਕੇਪੀ ਸਿੰਘ ਜੀ ਵੱਲੋਂ ਉਹਨਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ। ਰਾਣਾ ਕੇ ਪੀ ਸਿੰਘ ਨੇ ਕਿਹਾ ਕਿ ਸੁਸ਼ੀਲ ਸੋਨੀ ਜੀ ਇੱਕ ਬੇਹੱਦ ਸ਼ਰੀਫ ਅਤੇ ਮਿਲਾਪੜੇ ਇਨਸਾਨ ਸਨ, ਜਿਨਾਂ ਦੇ ਇਸ ਸੰਸਾਰ ਤੋਂ ਜਾਣ ਨਾਲ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉਹਨਾਂ ਅਰਦਾਸ ਕੀਤੀ ਕਿ ਪਰਮਾਤਮਾ ਉਹਨਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਇਸ ਮੌਕੇ ਉਨ੍ਹਾਂ ਨਾਲ ਰਾਣਾ ਵਿਸ਼ਵਪਾਲ ਸਿੰਘ, ਸਾਬਕਾ ਚੇਅਰਮੈਨ ਰਮੇਸ਼ ਚੰਦਰ ਦਸਗਰਾਈਂ, ਬਲਾਕ ਪ੍ਰਧਾਨ ਪ੍ਰੇਮ ਸਿੰਘ ਬਾਸੋਵਾਲ, ਹਰਬੰਸ ਲਾਲ ਮਹਿਦਲੀ, ਕੌਂਸਲਰ ਗੁਰਿੰਦਰ ਸਿੰਘ ਵਾਲੀਆ ਅਤੇ ਕਮਲਜੀਤ, ਵਪਾਰ ਮੰਡਲ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਗੰਡਾ, ਸਾਬਕਾ ਕੌਂਸਲਰ ਨਰਿੰਦਰ ਸਿੰਘ ਸੈਣੀ, ਅਰੁਣਦੀਪ ਸਿੰਘ ਸੋਨੂੰ, ਚੰਦਨ ਸ਼ਰਮਾ, ਤਜਿੰਦਰ ਸਿੰਘ ਵਾਲੀਆ, ਨੰਬਰਦਾਰ ਕੁਲਦੀਪ ਸਿੰਘ, ਚੌਧਰੀ ਪਹੂ ਲਾਲ ਆਦਿ ਹਾਜ਼ਰ ਸਨ।

# ਵਿਦਿਆਰਥੀਆਂ ਨੂੰ ਸੜਕ ਸੁਰੱਖਿਆ ਅਤੇ ਟਰੈਫਿਕ ਨਿਯਮਾਂ ਤੋਂ ਜਾਣੂ ਕਰਵਾਇਆ



ਧੂਰੀ, ( ਹਰਜੀਤ ਸਿੰਘ ਕਾਤਿਲ ) - ਸਥਾਨਕ ਮਾਡਰਨ ਸੈਕੂਲਰ ਸਕੂਲ ਵਿਖੇ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਤੋਂ ਜਾਣੂ ਕਰਵਾਉਣ ਲਈ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਏ ਐਸ ਆਈ ਹਰਦੇਵ ਸਿੰਘ ਜ਼ਿਲਾਂ ਐਜੂਕੇਸ਼ਨ ਸੈਲ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਕੇ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਤੇ ਹਰਦੇਵ ਸਿੰਘ ਨੇ ਵਿਦਿਆਰਥੀਆਂ ਨੂੰ ਸੜਕ ਸੁਰੱਖਿਆ ਅਤੇ ਟਰੈਫਿਕ ਨਿਯਮਾਂ ਬਾਰੇ ਜਾਣੂ ਕਰਵਾਇਆ ਅਤੇ ਉਨ੍ਹਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਵਾਹਨ ਚਲਾਉਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਅਤੇ ਮੋਟਰਸਾਈਕਲ ਤੇ ਦੋ ਤੋਂ ਵੱਧ ਵਿਅਕਤੀਆਂ ਨੂੰ ਬਿਠਾਕੇ ਵਾਹਨ ਚਲਾਉਣ ਤੋਂ ਗਰੇਜ ਕਰਨ ਬਾਰੇ ਜਾਗਰੂਕ ਕਰਨ ਦੇ ਨਾਲ ਨਾਲ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਵੀ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ। ਏਐਸਆਈ ਹਰਦੇਵ ਸਿੰਘ ਨੇ ਕਿਹਾ ਕਿ ਇਹ ਸਾਡੀ ਸਾਂਝੀ ਜਿੰਮੇਵਾਰੀ ਹੈ ਕਿ ਸਮਾਜ ਵਿੱਚ ਜੇ ਕੋਈ ਭੈੜਾ ਅਨਸਰ ਨਸ਼ਿਆਂ ਨੂੰ ਪ੍ਰੋਤਸਾਹਿਤ ਕਰਦਾ ਹੈ ਤਾਂ ਇਸ ਦੀ ਸੂਚਨਾ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ । ਸੈਮੀਨਾਰ ਦੇ ਅੰਤ ਵਿੱਚ ਸਕੂਲ ਪ੍ਰਬੰਧਕ ਨੇ ਆਏ ਅਧਿਕਾਰੀਆਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ । ਇਸ ਮੌਕੇ ਏਐਸਆਈ ਸੰਜੇ ਕੁਮਾਰ ਟ੍ਰੈਫਿਕ ਇੰਚਾਰਜ ਧੂਰੀ , ਏਐਸਆਈ ਬਲਰਾਜ ਸਿੰਘ, ਏ ਐਸ ਆਈ ਮਿੱਠੂ ਸਿੰਘ ਪੀ ਸੀ ਆਰ ਇੰਚਾਰਜ ਧੂਰੀ, ਨਸੀਬ ਚੰਦ ਪੀ ਐਚ ਜੀ ਤੋਂ ਇਲਾਵਾ ਹੋਰ ਵੀ ਮੁਲਾਜ਼ਮ ਹਾਜ਼ਰ ਸਨ।

# ਕਾਲਜੀਏਟ ਸਕੂਲ ਵਿਖੇ ਮਨਾਇਆ ਐਂਟੀ ਨਾਰਕੋਟਿਕਸ ਡਰੱਗਜ਼ ਦਿਵਸ




ਬਰਨਾਲਾ (ਸੁਖਵਿੰਦਰ ਸਿੰਘ ਭੰਡਾਰੀ) ਸ਼੍ਰੀ ਲਾਲ ਬਹਾਦਰ ਸ਼ਾਸਤਰੀ ਆਰੀਆ ਮਹਿਲਾ ਕਾਲਜੀਏਟ ਸੀ.ਸੈ.ਸਕੂਲ ਬਰਨਾਲਾ ਵਿੱਚ ਪ੍ਰਿੰਸੀਪਲ ਰਾਕੇਸ਼ ਕੁਮਾਰ ਦੀ ਅਗਵਾਈ ਵਿੱਚ ਐਂਟੀ ਨਾਰਕੋਟਿਕਸ ਡਰੱਗਜ਼ ਦਿਵਸ ਮਨਾਇਆ ਗਿਆ। ਜਿਸ ਵਿੱਚ ਪ੍ਰਿੰਸੀਪਲ ਰਾਕੇਸ਼ ਕੁਮਾਰ ਨੇ ਬੱਚਿਆਂ ਨੂੰ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਸਮਝਾਉਂਦੇ ਹੋਏ ਕਿਹਾ ਕਿ ਇਸਦੇ ਇਸਤੇਮਾਲ ਨਾਲ ਕੇਵਲ ਆਪਣਾ ਹੀ ਨਹੀ ਬਲਕਿ ਆਪਣੇ ਪਰਿਵਾਰ ਅਤੇ ਸਮਾਜ ਨੂੰ ਵੀ ਇਸਦੀ ਦਲ ਦਲ ਵਿੱਚ ਧਕੇਲ ਦਿੰਦੇ ਹਾ । ਇਸਦੇ ਨਾਲ ਹੀ ਉਨ੍ਹਾਂ ਨੂੰ ਇਸਦੇ ਬਚਾਅ ਦੇ ਲੱਛਣ ਅਤੇ ਆਪਣੇ ਆਸ-ਪਾਸ ਹੁੰਦੇ ਨਸ਼ੇ ਦੀ ਰੋਕਥਾਮ ਲਈ ਪ੍ਰੇਰਿਤ ਕੀਤਾ। ਇਸ ਮੌਕੇ ਬੱਚਿਆ ਵਿੱਚ ਵੀ ਨਸ਼ੇ ਸੰਬੰਧੀ ਭਾਸ਼ਣ ਮੁਕਾਬਲਾ ਕਰਵਾਇਆ ਗਿਆ। ਜਿਸ ਵਿਚ ਰਮਨਦੀਪ ਕੌਰ ਨੇ ਪਹਿਲਾ , ਜਸ਼ਨਪ੍ਰੀਤ ਕੌਰ ਤੇ ਗੀਸਿਤਾ ਸ਼ਰਮਾ ਨੇ ਦੂਜਾ ਅਤੇ ਅਵਨੀਤ ਕੌਰ ਤੇ ਕਸ਼ਿਸ਼ ਨੇ ਤੀਜਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਰਾਕੇਸ਼ ਕੁਮਾਰ ਨੇ ਜਿੱਤਣ ਵਾਲੇ ਬੱਚਿਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ। ਸਟੇਜ ਸੰਚਾਲਨ ਸਾਇੰਸ ਵਿਭਾਗ ਦੇ ਮੈਡਮ ਦਪਿੰਦਰ ਕੌਰ ਨੇ ਬਾਖੂਬੀ ਸੰਭਾਲਿਆ ਅਤੇ ਇਸ ਦੌਰਾਨ ਸਮੂਹ ਸਟਾਫ ਹਾਜ਼ਰ ਸੀ।

# ਸ਼੍ਰੀ ਲਾਲ ਬਹਾਦਰ ਸ਼ਾਸਤਰੀ ਆਰੀਆ ਮਹਿਲਾ ਕਾਲਜ ਦੇ ਹੋਸਟਲ ਚ ਕਰਵਾਇਆ ਹਵਨ ਯੱਗ




ਬਰਨਾਲਾ (ਸੁਖਵਿੰਦਰ ਸਿੰਘ ਭੰਡਾਰੀ) ਸ਼੍ਰੀ ਲਾਲ ਬਹਾਦਰ ਸ਼ਾਸਤਰੀ ਆਰੀਆ ਮਹਿਲਾ ਕਾਲਜ ਬਰਨਾਲਾ ਵਿਖੇ ਹੋਸਟਲ ਚ ਹਵਨ ਯੱਗ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤੇ ਹੋਸਟਲ ਵਿਖੇ ਰਹਿਣ ਵਾਲੇ ਵਿਦਿਆਰਥੀਆਂ ਨੇ ਪ੍ਰਿੰਸੀਪਲ ਡਾਕਟਰ ਨੀਲਮ ਸ਼ਰਮਾ ਦਾ ਸਵਾਗਤ ਕੀਤਾ। ਪ੍ਰਿੰਸੀਪਲ ਮੈਡਮ ਨੇ ਵਿਦਿਆਰਥੀਆਂ ਨੂੰ ਹੋਸਟਲ ਦੇ ਨਿਯਮਾਂ ਬਾਰੇ ਜਾਣਕਾਰੀ ਦਿੱਤੀ ਅਤੇ ਉਹਨਾਂ ਨੇ ਵਿਦਿਆਰਥੀਆਂ ਨੂੰ ਆਪਸ ਵਿੱਚ ਇੱਕ ਪਰਿਵਾਰ ਦੀ ਤਰ੍ਹਾਂ ਮਿਲ ਜੁਲ ਕੇ ਰਹਿਣ ਲਈ ਪ੍ਰੇਰਨਾ ਦਿੱਤੀ । ਉਹਨਾਂ ਨੇ ਬੱਚਿਆਂ ਨੂੰ ਖੇਡਾਂ ਦੇ ਲਾਭ ਦੇ ਨਾਲ ਨਾਲ ਪੜ੍ਹਾਈ ਵੱਲ ਧਿਆਨ ਦੇਣ ਦੇਣ ਲਈ ਵੀ ਕਿਹਾ। ਉਹਨਾਂ ਨੇ ਵਿਦਿਆਰਥੀਆਂ ਦੇ ਚੰਗੇ ਤੇ ਸੁਨਹਿਰੀ ਭਵਿੱਖ ਦੀ ਸ਼ੁਭਕਾਮਨਾ ਕੀਤੀ ਅਤੇ ਵਿਦਿਆਰਥਣਾਂ ਨੂੰ ਹੋਸਟਲ ਵਿੱਚ ਅਨੁਸ਼ਾਸਨ ਵਿੱਚ ਰਹਿਣ ਲਈ ਪ੍ਰੇਰਤ ਕੀਤਾ। ਇਸ ਮੌਕੇ ਕਾਲਜ ਪ੍ਰਬੰਧਕ ਕਮੇਟੀ ਦੇ ਮੈਂਬਰ ਸੀ ਏ ਪ੍ਰਦੀਪ ਗੋਇਲ, ਪ੍ਰਿੰਸੀਪਲ ਡਾਕਟਰ ਨੀਲਮ ਸ਼ਰਮਾ, ਹੋਸਟਲ ਵਾਰਡਨ ਮੈਡਮ ਦਿਵਿਆ, ਬੈਡਮਿੰਟਨ ਕੋਚ ਮੈਡਮ ਅੰਤਿਮਾ, ਸੁਪਰਡੈਂਟ ਕ੍ਰਿਸ਼ਨ ਕੁਮਾਰ ਅਤੇ ਸਮੂਹ ਸਟਾਫ ਹਾਜ਼ਰ ਸੀ।

# ਮੁਫ਼ਤ ਪ੍ਰਦੂਸ਼ਣ ਚੈਕਅੱਪ ਕੈਂਪ ਅਤੇ ਬੂਟਿਆਂ ਦਾ ਲੰਗਰ 14 ਜੁਲਾਈ ਦਿਨ ਐਤਵਾਰ (ਭਲਕੇ) ਨੂੰ ਜੌੜੇ ਪੈਟਰੌਲ ਪੰਪ ਵਿਖੇ



ਬਰਨਾਲਾ (ਸੁਖਵਿੰਦਰ ਸਿੰਘ ਭੰਡਾਰੀ) ਲਾਇਨ ਕਲੱਬ ਬਰਨਾਲਾ ਸੁਪਰੀਮ ਦੀ ਜਨਰਲ ਬੋਰਡ ਮੀਟਿੰਗ ਅਸ਼ੋਕ ਗਰਗ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਸਕੱਤਰ ਯਸ਼ਪਾਲ ਬਾਲਾ , ਲਾਇਨ ਭੋਜ ਰਾਜ ਕੈਸੀਅਰ ਅਤੇ ਲਾਇਨ ਜਤਿੰਦਰ ਗੋਇਲ ਪੀ. ਆਰ. ਓ. ਤੋਂ ਇਲਾਵਾ ਕਲੱਬ ਦੇ ਸਾਬਕਾ ਪ੍ਰਧਾਨ ਰਵਿੰਦਰ ਬਾਂਸਲ, ਲਾਇਨ ਆਰ. ਪੀ. ਸਿੰਘ ਵਾਇਸ ਪ੍ਰਧਾਨ, ਲਾਇਨ ਐਨ. ਐਸ. ਜੰਡੂ ਜੁਆਇੰਟ ਸਕੱਤਰ ਅਤੇ ਲਾਇਨ ਸੁਨੀਲ ਗੋਇਲ ਜੁਆਇੰਟ ਕੈਸ਼ੀਅਰ, ਸਾਬਕਾ ਜੋਨ ਚੇਅਰਮੈਨ ਲਾਇਨ ਸੁਖਦਰਸ਼ਨ ਸਦਿਓੜਾ, ਨਵੇਂ ਜੋਨ ਚੇਅਰਮੈਨ ਲਾਇਨ ਸੁਰਿੰਦਰ ਬਾਂਸਲ, ਲਾਇਨ ਪ੍ਰੋ. ਦਰਸ਼ਨ, ਲਾਇਨ ਸੁਖਦਰਸ਼ਨ ਸਦਿਓੜਾ, ਲਾਇਨ ਸੁਰਿੰਦਰ ਮਿੱਤਲ ਅਤੇ ਲਾਇਨ ਜਤਿੰਦਰ ਗੋਇਲ, ਲਾਇਨ ਅਰੁਨ ਬਾਂਸਲ, ਲਾਇਨ ਗੌਤਮ ਈਸ਼ਵਰ, ਲਾਇਨ ਸ਼ਿਵ ਸਿੰਗਲਾ, ਲਾਇਨ ਪਵਨ ਬਾਂਸਲ, ਲਾਇਨ ਪਵਨ ਮਿੱਤਲ, ਲਾਇਨ ਯਾਦਵਿੰਦਰ ਬਲਾ ਲਾਇਨ ਹੀਰਾ ਲਾਲ ਗਰਗ, ਲਾਇਨ ਜਗਨੰਦਨ, ਲਾਇਨ ਮਨਜੀਤ ਕਾਂਸਲ ਆਦਿ ਮੀਟਿੰਗ ਚ ਸ਼ਾਮਿਲ ਹੋਏ। ਮੀਟਿੰਗ ਦੌਰਾਨ ਪਾਸ ਕੀਤੇ ਮਤੇ ਅਨੁਸਾਰ 14 ਜੁਲਾਈ 2024 ਦਿਨ ਐਤਵਾਰ ਨੂੰ ਰਾਮ ਜੀ ਦਾਸ ਬਨਾਰਸੀ ਦਾਸ ਪੈਟਰੋਲ ਪੰਪ (ਜੋੜੇ ਪੰਪ) ਤੇ ਮੁਫ਼ਤ ਪ੍ਰਦੂਸ਼ਣ ਚੈਕਅੱਪ ਕੈਂਪ ਅਤੇ ਬੂਟਿਆਂ ਦਾ ਲੰਗਰ ਲਗਾਇਆ ਜਾ ਰਿਹਾ ਹੈ । ਬੂਟੇ ਮੁਫ਼ਤ ਵੰਡੇ ਜਾਣਗੇ। ਜਿੰਦਲ ਪ੍ਰਦੂਸ਼ਣ ਸੈਂਟਰ ਕਚਹਿਰੀ ਚੌਕ ਬਰਨਾਲਾ ਅਤੇ ਲਾਇਨ ਸ਼ਿਵ ਸਿੰਗਲਾ ਵੱਲੋਂ ਵਿਸ਼ੇਸ਼ ਯੋਗਦਾਨ ਦਿੱਤਾ ਜਾ ਰਿਹਾ ਹੈ। ਇਸ ਮੌਕੇ ਵਾਤਾਵਰਣ ਪ੍ਰੇਮੀਆਂ ਅਤੇ ਪਤਵੰਤੇ ਸੱਜਣਾਂ ਨੂੰ ਪਹੁੰਚਣ ਦੀ ਅਪੀਲ ਕੀਤੀ ਜਾਂਦੀ ਹੈ।

# ਮਾਈਟੀ ਖਾਲਸਾ ਸਕੂਲ ਵਿਖੇ ਵੱਖ-ਵੱਖ ਤਰਾਂ ਦੇ ਛਾਂਦਾਰ ਤੇ ਫ਼ਲਦਾਰ ਬੂਟੇ ਲਗਾਏ

## ਹਰ ਵਿਅਕਤੀ ਆਪਣੇ ਜਨਮ ਦਿਨ ਤੇ ਘੱਟ ਤੋਂ ਘੱਟ ਇੱਕ ਬੂਟਾ ਜਰੂਰ ਲਗਾਵੇ-: ਦਾਨਿਸ਼ਵੀਰ ਸਿੰਘ

ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਅਨੁਸਾਰ ਪੰਜਾਬ ਨੂੰ ਹਰਿਆ ਭਰਿਆ ਬਣਾਉਣ ਲਈ ਬਣਾਉਣ ਦੀ ਮੁਹਿਮ ਦੇ ਤਹਿਤ ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਦੇ ਦਿਸ਼ਾ ਨਿਰਦੇਸ਼ ਤੇ ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਦੇ ਸਹਿਯੋਗ ਸਦਕਾ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਅਤੇ ਇਸ ਦੇ ਆਲੇ ਦੁਆਲੇ ਨੂੰ ਹਰਿਆ ਭਰਿਆ ਬਣਾਉਣ ਲਈ ਹਰਿਆਵਲ ਮੁਹਿਮ ਦੇ ਤਹਿਤ ਅੱਜ ਮਾਈਟੀ ਖਾਲਸਾ ਇੰਟਰਨੈਸ਼ਨਲ ਸਕੂਲ ਦੇ ਡਾਇਰੈਕਟਰ ਅਮਿਤੋਜ ਸਿੰਘ ਦੇ ਸਹਿਯੋਗ ਸਦਕਾ ਸੰਦੀਪ ਕੁਮਾਰ ਤਹਿਸੀਲਦਾਰ ਅਤੇ ਦਾਨਿਸ਼ਵੀਰ ਸਿੰਘ ਥਾਣਾ ਮੁਖੀ (ਐਸ.ਐਚ.ਓ) ਸ੍ਰੀ ਅਨੰਦਪੁਰ ਸਾਹਿਬ ਵੱਲੋਂ ਮਾਈਟੀ ਖਾਲਸਾ ਸਕੂਲ ਵਿਖੇ ਵੱਖ-ਵੱਖ ਤਰਾਂ ਦੇ ਛਾਂਦਾਰ ਤੇ ਫ਼ਲਦਾਰ ਬੂਟੇ ਲਗਾਏ ਗਏ। ਇਸ ਮੌਕੇ ਦਾਨਿਸ਼ਵੀਰ ਐਸਐਚਓ ਸ੍ਰੀ ਅਨੰਦਪੁਰ ਸਾਹਿਬ ਨੇ ਕਿਹਾ ਕਿ ਹਰ ਬੱਚੇ ਅਤੇ ਵਿਅਕਤੀ ਨੂੰ ਆਪਣੇ ਜਨਮ ਦਿਨ ਤੇ ਘੱਟ ਤੋਂ ਘੱਟ ਇੱਕ ਬੂਟਾ ਜਰੂਰ ਲਗਾਉਣਾ ਚਾਹੀਦਾ ਹੈ ਤਾਂ ਕਿ ਅਸੀਂ ਆਪਣੀ ਧਰਤੀ ਨੂੰ ਹਰਿਆ ਭਰਿਆ ਬਣਾ ਸਕੀਏ ਅਤੇ ਕੁਦਰਤੀ ਕਰੋਪੀਆਂ ਤੋਂ ਬਚਾ ਸਕੀਏ ਉਹਨਾਂ ਨੇ



ਕਿਹਾ ਕਿ ਪਿਛਲੇ ਦਿਨੀ ਪੈ ਰਹੀ ਗਰਮੀ ਨੇ ਇਹ ਸਿੱਧ ਕਰਤਾ ਕਿ ਆਉਣ ਵਾਲੇ ਸਮੇਂ ਵਿੱਚ ਹਰ ਇਨਸਾਨ ਨੂੰ ਬੂਟੇ ਲਗਾਣੇ ਪੈਣਗੇ ਤਾਂ ਹੀ ਪ੍ਰਿਥਵੀ ਨੂੰ ਬਚਾਇਆ ਜਾ ਸਕਦਾ ਹੈ। ਇਸ ਮੌਕੇ ਤੇ ਕੁਲਵਿੰਦਰਜੀਤ ਸਿੰਘ ਭਾਟੀਆ ਸੀਨੀਅਰ ਪੱਤਰਕਾਰ, ਸੁਖਬੀਰ ਸਿੰਘ ਵਣ ਰੇਂਜ ਅਫਸਰ, ਦਲੀਪ ਹੰਸ ਉੱਘੇ ਸਮਾਜ ਸੇਵੀ ਚੇਅਰਮੈਨ ਹੈਲਪ ਫਾਊਂਡੇਸ਼ਨ, ਮਦਨ ਲਾਲ ਸੈਨਟਰੀ ਇੰਸਪੈਕਟਰ, ਮਧੂ ਸੂਦਨ ਗੋਤਮ ਸੀਨੀਅਰ ਪੱਤਰਕਾਰ ਚੇਅਰਮੈਨ ਪ੍ਰੈਸ ਕਲੱਬ, ਰਾਜ ਘਈ ਆਦਿ ਹਾਜ਼ਰ ਸਨ।

# ਇੰਡੀਅਨ ਆਇਲ ਨੇ ਪਿੰਕ ਬਾਕਸ ਇਨੀਸ਼ੀਏਟਿਵ ਅਤੇ ਮਹਿਲਾ ਸਿਹਤ ਜਾਗਰੂਕਤਾ ਪ੍ਰੋਗਰਾਮਾਂ ਨਾਲ ਸਵੱਛਤਾ ਪਖਵਾੜਾ 2024 ਮਨਾਇਆ

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ਮਨਪ੍ਰੀਤ ਵਾਸੂ) ਇੰਡੀਅਨ ਆਇਲ ਕਾਰਪੋਰੇਸ਼ਨ ਲਿਮਿਟੇਡ (ਆਈ.ਓ.ਸੀ.ਐਲ.) ਆਪਣੇ ਸਾਰੇ ਦਫ਼ਤਰਾਂ ਵਿੱਚ 1 ਤੋਂ 15 ਜੁਲਾਈ ਤੱਕ ਸਵੱਛਤਾ ਪਖਵਾੜਾ 2024 ਮਨਾ ਰਹੀ ਹੈ। ਇੱਕ ਵਿਲੱਖਣ ਪਹਿਲਕਦਮੀ ਵਿੱਚ, ਉੱਤਰੀ ਖੇਤਰ ਪਾਈਪਲਾਈਨਜ਼ (ਐਨ.ਆਰ.ਪੀ.ਐਲ.), ਊਨਾ ਨੇ ਐਸ. ਬੀ.ਐਸ. ਨਗਰ (ਪੰਜਾਬ) ਦੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਪਿੰਕ ਬਾਕਸ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਹੈ।ਇਸ ਪ੍ਰੋਗਰਾਮ ਦਾ ਉਦੇਸ਼ ਇੰਡੀਅਨ ਆਇਲ ਪਾਈਪਲਾਈਨਾਂ ਦੇ ਨੇੜੇ ਪਿੰਡਾਂ ਵਿੱਚ ਰਹਿਣ ਵਾਲੀਆਂ ਔਰਤਾਂ ਲਈ ਮਾਹਵਾਰੀ ਸਫਾਈ ਜਾਗਰੂਕਤਾ ਅਤੇ ਸੈਨੇਟਰੀ ਉਤਪਾਦਾਂ ਤੱਕ ਪਹੁੰਚ ਵਿੱਚ ਸੁਧਾਰ ਕਰਨਾ ਹੈ। ਪਿੰਕ ਬਾਕਸ ਦੇ ਤਹਿਤ, ਐਨ.ਆਰ.ਪੀ.ਐਲ. ਊਨਾ ਨੇ ਇਨ੍ਹਾਂ ਪਿੰਡਾਂ ਦੀਆਂ ਔਰਤਾਂ ਨੂੰ ਸੈਨੇਟਰੀ ਪੈਡ, ਓ.ਆਰ.ਐਸ. ਸੈਸ਼ੇਟ, ਐਂਟੀਸੈਪਟਿਕ ਤਰਲ, ਪਾਲਕ ਦੇ ਬੀਜ (ਆਯਰਨ ਦਾ ਕੁਦਰਤੀ ਸਰੋਤ), ਮਾਸਕ ਅਤੇ ਸਾਬਣ ਵਾਲੇ ਬਕਸੇ ਵੰਡੇ।ਸਿਵਲ ਹਸਪਤਾਲ, ਨਵਾਂਸ਼ਹਿਰ ਦੀ ਗਾਇਨੀਕੋਲੋਜਿਸਟ ਡਾ: ਮੋਨਿਕਾ ਜੈਨ ਨੇ ਇੰਡੀਅਨ ਆਇਲ ਦੀ PAJPL ਊਨਾ ਬ੍ਰਾਂਚ ਪਾਈਪਲਾਈਨ



ਦੇ 18.31 ਕਿਲੋਮੀਟਰ ਦੀ ਲੜੀ ਦੇ ਨੇੜੇ ਸਥਿਤ ਪਿੰਡ ਜਾਡਲਾ ਵਿੱਚ ਚਾਰ ਆਂਗਣਵਾੜੀ ਕੇਂਦਰਾਂ ਨੂੰ ਕਵਰ ਕਰਦੇ ਹੋਏ ਇੱਕ ਮਾਹਵਾਰੀ ਸਫਾਈ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ। ਸੈਸ਼ਨ ਨੇ ਮਾਹਵਾਰੀ ਦੇ ਆਲੇ ਦੁਆਲੇ ਦੀਆਂ ਪਾਬੰਦੀਆਂ ਨੂੰ ਦੂਰ ਕਰਨ ਅਤੇ ਪਰਿਵਾਰਾਂ ਵਿੱਚ ਔਰਤਾਂ ਦੇ ਸਿਹਤ ਮੁੱਦਿਆਂ ਬਾਰੇ ਖੁੱਲ੍ਹੇ ਸੰਚਾਰ ਨੂੰ ਉਤਸ਼ਾਹਿਤ ਕਰਨ ਤੇ ਧਿਆਨ ਕੇਂਦਰਿਤ ਕੀਤਾ।ਐਨ.ਆਰ.ਪੀ.ਐਲ. ਊਨਾ ਨੇ ਸਰਕਾਰੀ ਕਾਲਜ ਜਾਡਲਾ ਨੂੰ ਸੈਨੇਟਰੀ ਪੈਡ ਵੈਂਡਿੰਗ ਮਸ਼ੀਨ ਅਤੇ ਇੱਕ ਇਨਸਿਨਰੇਟਰ ਦਾਨ ਕਰਕੇ ਆਪਣਾ ਸਮਰਥਨ ਅੱਗੇ ਵਧਾਇਆ। ਇਸ ਪਹਿਲਕਦਮੀ ਦਾ ਉਦਘਾਟਨ ਅੰਚਿਤ ਗੁਪਤਾ (ਆਪ੍ਰੇਸ਼ਨ ਮੈਨੇਜਰ, ਐਨ.ਆਰ.ਪੀ.ਐਲ. ਊਨਾ), ਅਸ਼ਮਿਤਾ (ਪੰਜਾਬ ਗੁੱਡ ਗਵਰਨੈਂਸ ਫੈਲੋ, ਐਸ.ਬੀ.ਐਸ. ਨਗਰ), ਅਤੇ ਡਾ: ਸਿਮੀ ਜੌਹਲ (ਪ੍ਰਿੰਸੀਪਲ, ਸਰਕਾਰੀ ਕਾਲਜ ਜਾਡਲਾ) ਦੀ ਮੌਜੂਦਗੀ ਵਿੱਚ ਕੀਤਾ ਗਿਆ। ਇੱਕ ਟਿਕਾਊ ਭਵਿੱਖ ਨੂੰ ਉਤਸ਼ਾਹਿਤ ਕਰਨ ਲਈ, ਭਾਰਤ ਸਰਕਾਰ ਦੀ ਏਕ ਪੇਦ ਮਾਂ ਕੇ ਨਾਮ ਪਹਿਲਕਦਮੀ ਦੇ ਤਹਿਤ ਕਾਲਜ ਵਿੱਚ ਇੱਕ ਰੁੱਖ ਲਗਾਉਣ ਦੀ ਮੁਹਿੰਮ ਨਾਲ ਇਹ ਸਮਾਗਮ ਸਮਾਪਤ ਹੋਇਆ।ਇੰਡੀਅਨ ਆਇਲ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੁਆਰਾ ਇਹ ਸੰਯੁਕਤ ਯਤਨ ਉਹਨਾਂ ਭਾਈਚਾਰਿਆਂ ਵਿੱਚ ਔਰਤਾਂ ਦੀ ਸਿਹਤ ਅਤੇ ਵਾਤਾਵਰਣ ਪ੍ਰਤੀ ਚੇਤਨਾ ਨੂੰ ਉਤਸ਼ਾਹਿਤ ਕਰਨ ਲਈ ਉਹਨਾਂ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ ਜਿਨ੍ਹਾਂ ਦੀ ਉਹ ਸੇਵਾ ਕਰਦੇ ਹਨ।

## *ਅਧਿਆਪਕਾਂ ਦਾ ਸਤਿਕਾਰ*

ਅਧਿਆਪਕਾਂ ਦਾ ਕਰੋ ਸਤਿਕਾਰ ਬੱਚਿਓ,
ਇਹਨਾਂ ਕੋਲ ਗਿਆਨ ਦਾ ਭੰਡਾਰ ਬੱਚਿਓ।
ਜ਼ਿੰਦਗੀ ਚ ਜਿਉਣ ਦਾ ਇਹ ਰਾਹਦੱਸਦੇ,
ਕਿਦਾ ਮੁਸ਼ਕਿਲਾਂ ਨੂੰ ਜਿੱਤੋਗੇ ਬੱਚਿਓ ਹੱਸਕੇ।
ਕਦੀ ਵੀ ਨਾ ਹੋਵੇ ਥੋੜੀ ਹਾਰ ਬੱਚਿਓ,
ਅਧਿਆਪਕਾਂ ਦਾ ਕਰੋ,,,,,,,,,,,
ਇਨਾਂ ਕੋਲੋਂ ਏਕਤਾ ਚ ਬਲ ਵਾਲਾ ਪਾਠ ਪੜ੍ਹੀਦਾ,
ਜਾਤ ਪਾਤ ਵਾਲਾ ਭੇਦ ਨੀ ਕਦੇ ਵੀ ਕਰੀਦਾ।
ਦੱਸ ਦੇਣ ਸ਼ਬਦਾਂ ਦਾ ਸਾਰ ਬੱਚਿਓ,
ਅਧਿਆਪਕਾਂ ਦਾ ਕਰੋ,,,,,,,,,,,
ਤਰੱਕੀ ਦੀਆਂ ਪਉੜੀਆਂ ਨੂੰ ਕਿਵੇਂ ਚੜ੍ਹਨਾ,
ਹਰ ਮਸਲੇ ਦਾ ਹੱਲ ਫਿਰ ਕਿਵੇਂ ਕਰਨਾ।
ਸਭਨਾਂ ਚ ਵੰਡਣਾ ਪਿਆਰ ਬੱਚਿਓ,
ਅਧਿਆਪਕਾਂ ਦਾ ਕਰੋ,,,,,,,,
ਜਿੰਨੇ ਵੀ ਖ਼ੋਜੀ ਸਾਇੰਸਦਾਨ ਬਣੇ ਨੇ,
ਉਂਗਲਾਂ ਤੇ ਉਹ ਅੱਜ ਜਾਂਦੇ ਗਿਣੇ ਨੇ।
ਡਾਕਟਰ, ਵਕੀਲ, ਠਾਣੇਦਾਰ ਬੱਚਿਓ,
ਅਧਿਆਪਕਾਂ ਦਾ ਕਰੋ,,,,,,,,,,
ਝਿੜਕ ਜਾਂ ਪਿਆਰ ਨਾਲ ਜੀਵਨ ਤਰਾਸ਼ਦੇ,
ਗਿਆਨ ਦੇ ਗੁਰੂ ਨੂੰ ਟੀਚਰ ਵੀ ਆਖਦੇ।
,ਪੱਤੋ,ਮਨਾਂ ਚੋਂ ਨਾ ਦਿਓ ਵਿਸਾਰ ਬੱਚਿਓ।
ਅਧਿਆਪਕਾਂ ਦਾ ਕਰੋ ਸਤਿਕਾਰ ਬੱਚਿਓ ,
ਇਹਨਾਂ ਕੋਲ ਗਿਆਨ ਦਾ ਭੰਡਾਰ ਬੱਚਿਓ।

ਹਰਪ੍ਰੀਤ ਪੱਤੋ ਪਿੰਡ
ਪੱਤੋ ਹੀਰਾ ਸਿੰਘ ਮੋਗਾ

# ਸਕੂਲ ਆਫ ਐਮੀਨੈਂਸ ਬਰਨਾਲਾ ਦੇ ਇੰਗਲਿਸ਼ ਬੈਸਟ ਸਪੀਕਰ ਆਫ਼ ਦਾ ਮੰਥ ਕਰਵਾਇਆ ਗਿਆ




ਬਰਨਾਲਾ (ਸੁਖਵਿੰਦਰ ਸਿੰਘ ਭੰਡਾਰੀ) ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ ਸਿੱਖਿਆ) ਬਰਨਾਲਾ ਇੰਦੂ ਸਿਮਕ ਅਤੇ ਉਪ ਜਿਲ੍ਹਾ ਸਿੱਖਿਆ ਅਫ਼ਸਰ ਡਾ ਬਰਜਿੰਦਰਪਾਲ ਸਿੰਘ ਦੀਆਂ ਹਿਦਾਇਤਾਂ ਅਨੁਸਾਰ ਪ੍ਰਿੰਸੀਪਲ ਹਰੀਸ਼ ਬਾਂਸਲ ਦੀ ਯੋਗ ਅਗਵਾਈ ਅਧੀਨ ਸ਼ਹੀਦ ਹੌਲਦਾਰ ਬਿੱਕਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਫ਼ ਐਮੀਨੈਂਸ ਬਰਨਾਲਾ ਵਿਖੇ ਸਰੋਜਨੀ ਨਾਇਡੂ ਮੈਮੋਰੀਅਲ ਇੰਗਲਿਸ਼ ਬੂਸਟਰ ਕਲੱਬ ਵੱਲੋਂ ਆਸ਼ੀਸ਼ ਗੋਇਲ (ਨੋਡਲ ਇੰਚਾਰਜ) ਦੀ ਦੇਖ-ਰੇਖ ਹੇਠ *ਬੈਸਟ ਸਪੀਕਰ ਆਫ ਦਾ ਮੰਥ - ਜੁਲਾਈ 2024* ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਸਕੂਲ ਦੀ ਨੌਵੀਂ ਈ ਜਮਾਤ (ਐਮੀਨੈਂਸ ਸੈਕਸ਼ਨ) ਦੇ ਵਿਦਿਆਰਥੀ ਬਲਕੀਰਤਦੀਪ ਸ਼ਰਮਾ ਨੇ ਬੈਸਟ ਸਪੀਕਰ ਆਫ ਦਾ ਮੰਥ ਟਾਈਟਲ ਪ੍ਰਾਪਤ ਕੀਤਾ। ਇੰਗਲਿਸ਼ ਸਪੀਕਿੰਗ ਮੁਕਾਬਲੇ ਦੇ ਛੇਵੀਂ ਤੋਂ ਅੱਠਵੀਂ ਤੱਕ ਦੇ ਵਰਗ ਵਿੱਚ ਸੱਤਵੀਂ ਬੀ ਦੇ ਵਿਦਿਆਰਥੀ ਨਰਿੰਦਰ ਸਿੰਘ ਨੇ ਪਹਿਲਾ , ਛੇਵੀਂ ਏ ਦੀ ਵਿਦਿਆਰਥਣ ਸੋਨੀ ਨੇ ਦੂਸਰਾ ਅਤੇ ਸੱਤਵੀਂ ਬੀ ਦੇ ਵਿਦਿਆਰਥੀ ਮੋਹਿਤ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ। ਨੌਵੀਂ ਅਤੇ ਦਸਵੀਂ ਵਰਗ ਦੇ ਵਿਦਿਆਰਥੀਆਂ ਵਿੱਚ ਨੌਵੀਂ ਈ ਦੇ ਵਿਦਿਆਰਥੀ ਬਲਕੀਰਤਦੀਪ ਸ਼ਰਮਾ ਨੇ ਪਹਿਲਾ, ਦਸਵੀਂ ਈ ਦੀ ਵਿਦਿਆਰਥਣ ਰਾਗਿਨੀ ਅਤੇ ਨੌਵੀਂ ਈ ਦੀ ਅੰਜਲੀ ਨੇ ਦੂਜਾ ਅਤੇ ਦਸਵੀਂ ਈ ਦੇ ਵਿਦਿਆਰਥੀ ਰਿਹਾਨ ਸੈਫੀ ਨੇ ਤੀਸਰਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਸੀਨੀਅਰ ਸੈਕੰਡਰੀ ਵਰਗ ਦੇ ਵਿਦਿਆਰਥੀਆਂ ਵਿੱਚੋਂ 10+2 ਕਮਰਸ ਦੀ ਵਿਦਿਆਰਥਣ ਜਸਪ੍ਰੀਤ ਕੌਰ ਨੇ ਪਹਿਲਾ, 10+2 ਨਾਨ-ਮੈਡੀਕਲ ਦੀ ਵਿਦਿਆਰਥਣ ਹਸਨ ਬਾਵਾ ਨੇ ਦੂਸਰਾ ਅਤੇ 10+1 ਨਾਨ-ਮੈਡੀਕਲ ਦੇ ਵਿਦਿਆਰਥੀ ਪੁਲਕਿਤ ਜੈਨ ਅਤੇ ਤਨਿਸ਼ ਗਰਗ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਜੇਤੂ ਵਿਦਿਆਰਥੀਆਂ ਨੂੰ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਹਰੀਸ਼ ਬਾਂਸਲ ਨੇ ਦੱਸਿਆ ਕਿ ਅੰਗਰੇਜ਼ੀ ਪੂਰੇ ਸੰਸਾਰ ਨੂੰ ਜੋੜਨ ਵਾਲੀ ਭਾਸ਼ਾ ਹੈ,ਇਸ ਲਈ ਵਿਦਿਆਰਥੀ ਜੀਵਨ ਵਿੱਚ ਇੰਗਲਿਸ਼ ਸਪੀਕਿੰਗ ਦਾ ਖਾਸ ਮਹੱਤਵ ਹੈ। ਉਹਨਾਂ ਕਿਹਾ ਕਿ ਸਕੂਲ ਵਿੱਚ ਵਿਦਿਆਰਥੀਆਂ ਵਿੱਚ ਭਾਸ਼ਾ ਕੁਸ਼ਲਤਾ ਪੈਦਾ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਭਾਸ਼ਾ ਪ੍ਰਯੋਗਸ਼ਾਲਾ ਇਸ ਵਿੱਚ ਖਾਸ ਤੌਰ ਤੇ ਮਦਦਗਾਰ ਸਿੱਧ ਹੋ ਰਹੀ ਹੈ। ਇਸ ਮੌਕੇ ਸੀਨੀਅਰ ਲੈਕਚਰਾਰ ਜਗਤਾਰ ਸਿੰਘ, ਡਾ. ਸੰਜੀਵ ਕੁਮਾਰ (ਲੈਕਚਰਾਰ ਮੈਥ), ਸ਼੍ਰੀ ਹਰਦੀਪ ਕੁਮਾਰ, (ਪ੍ਰੋਗਰਾਮ ਅਫਸਰ, ਕੌਮੀ ਸੇਵਾ ਯੋਜਨਾ), ਮੈਡਮ ਪ੍ਰਮੋਦ ਲਤਾ (ਇੰਗਲਿਸ਼ ਕੋਆਰਡੀਨੇਟਰ), ਆਸ਼ੀਸ਼ ਗੋਇਲ, ਮੈਡਮ ਕੁਲਵੀਰ ਕੌਰ, ਮੈਡਮ ਰਾਜਵਿੰਦਰ ਕੌਰ ਜੋਸ਼ੀ ਅਤੇ ਮੈਡਮ ਸੁਖਦਰਸ਼ਨ ਕੌਰ ਵੀ ਹਾਜ਼ਰ ਸਨ।

# ਚੰਚਲ ਸ਼ਰਮਾ ਦੇ ਜਨਮ ਦਿਨ ਤੇ ਔਰਤਾਂ ਦੇ ਸਸ਼ਕਤੀਕਰਨ ਅਤੇ ਬੂਟੇ ਲਾਉਣ ਤੇ ਦਿੱਤਾ ਜ਼ੋਰ




ਬਰਨਾਲਾ (ਸੁਖਵਿੰਦਰ ਸਿੰਘ ਭੰਡਾਰੀ) ਸੀਨੀਅਰ ਪੱਤਰਕਾਰ ਬਲਵਿੰਦਰ ਸ਼ਰਮਾ ਦੀ ਬੇਟੀ ਦਾ ਪਹਿਲਾ ਜਨਮ ਦਿਨ ਔਰਤਾਂ ਦੇ ਸ਼ਕਤੀਕਰਨ ਅਤੇ ਬੂਟੇ ਲਾਉਣ ਦੀ ਮੁਹਿੰਮ ਦਾ ਜਨਤਕ ਸਮਾਰੋਹ ਨਿਬੜਿਆ। ਇਸ ਮੌਕੇ ਕੇਕ ਕੱਟਣ ਉਪਰੰਤ ਸੱਭਿਆਚਾਰਕ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਦੌਰਾਨ ਪੱਤਰਕਾਰ ਸੁਖਵਿੰਦਰ ਸਿੰਘ ਭੰਡਾਰੀ ਨੇ ਮੰਚ ਸੰਚਾਲਨ ਕਰਦਿਆਂ ਕਿਹਾ ਕਿ 21ਵੀਂ ਸਦੀ ਔਰਤਾਂ ਦੇ ਸਸ਼ਕਤੀਕਰਨ ਦੀ ਸਦੀ ਹੈ। ਔਰਤਾਂ, ਪੁਰਸ਼ਾਂ ਤੋਂ ਅੱਗੇ ਵੱਧ ਕੇ ਪ੍ਰਸ਼ਾਸਨਿਕ ਸੇਵਾਵਾਂ, ਸਮਾਜਿਕ ਖੇਤਰ ਅਤੇ ਸੁਰੱਖਿਆ ਫੋਰਸਾਂ ਚ ਯੋਗਦਾਨ ਪਾ ਰਹੀਆਂ ਹਨ। ਉਨ੍ਹਾਂ ਲੜਕੀਆਂ ਨੂੰ ਪੜ੍ਹਾਉਣ ਅਤੇ ਚੰਗੇ ਸੰਸਕਾਰ ਦੇਣ ਦੀ ਵਕਾਲਤ ਕਰਦਿਆਂ ਕਿਹਾ ਕਿ ਚੰਗੇ ਸੰਸਕਾਰਾਂ ਵਾਲੀ ਲੜਕੀ ਸਹੁਰੇ ਪਰਿਵਾਰ ਚ ਜਾ ਕੇ ਆਪਣੇ ਆਪ ਨੂੰ ਵਧੀਆ ਢੰਗ ਨਾਲ ਐਡਜਸਟ ਕਰ ਲੈਂਦੀ ਹੈ ਉਨ੍ਹਾਂ ਨੂੰਹਾਂ ਨੂੰ ਧੀਆਂ ਵਾਲਾ ਪਿਆਰ ਅਤੇ ਸਨਮਾਨ ਦੇਣ ਦੀ ਗੱਲ ਕੀਤੀ। ਉੱਘੇ ਪ੍ਰਸਿੱਧ ਸਮਾਜ ਸੇਵੀ ਅਤੇ ਸੀਨੀਅਰ ਕਾਂਗਰਸੀ ਆਗੂ ਨਰਿੰਦਰ ਸ਼ਰਮਾ ਨੇ ਕਿਹਾ ਕਿ ਜੇਕਰ ਪੁੱਤ ਮਿਠੜੇ ਮੇਵੇ ਤਾਂ ਧੀਆਂ ਮਿਸ਼ਰੀ ਦੀਆਂ ਡਲੀਆਂ ਹਨ। ਉਹਨਾਂ ਲੜਕੀਆਂ ਨੂੰ ਚੰਗੀ ਸਿੱਖਿਆ ਦੇਣ ਦਾ ਸੱਦਾ ਦਿੱਤਾ। ਇਸ ਮੌਕੇ ਚੰਚਲ ਸ਼ਰਮਾ ਦੇ ਨਾਨੀ ਸਵਰਗੀ ਭੋਲੋ ਦੇਵੀ ਅਤੇ ਨਾਨਾ ਸਵਰਗੀ ਕਾਕਾ ਰਾਮ ਦੀ ਬਹੁ ਪੱਖੀ ਸ਼ਖਸ਼ੀਅਤ ਨੂੰ ਵੀ ਵਿਸ਼ੇਸ਼ ਤੌਰ ਤੇ ਯਾਦ ਕੀਤਾ ਗਿਆ। ਇਸ ਉਪਰੰਤ ਗੁਰਜੀਤ ਸਿੰਘ ਰਾਮਨਵਾਸੀਆ, ਸੀਨੀਅਰ ਪੱਤਰਕਾਰ ਤਰਨਜੀਤ ਸਿੰਘ ਗੋਲਡੀ, ਪੱਤਰਕਾਰ ਸੁਖਚਰਨਪ੍ਰੀਤ ਸੁਖੀ, ਆਸ਼ੀਸ਼ ਸ਼ਰਮਾ, ਚਮਕੌਰ ਸਿੰਘ ਗੱਗੀ, ਟ੍ਰਾਈਡੈਂਟ ਫੈਕਟਰੀ ਵੱਲੋਂ ਦੀਪਕ ਕੁਮਾਰ, ਸਰਜੀਵਨ ਲਾਲ ਸ਼ਰਮਾ, ਹਰਬੰਸ ਸਿੰਘ ਪ੍ਰਧਾਨ ਪਾਵਰ ਪਾਰਪੋਰੇਸ਼ਨ ਇਂਪਲਾਈਜ ਯੂਨੀਅਨ, ਵਰਿੰਦਰ ਸਿੰਘ, ਵਰਿੰਦਰ ਸਿੰਘ ਆਰ ਏ, ਕਰਮਜੀਤ ਸਿੰਘ ਕੈਸ਼ੀਅਰ, ਗਗਨਦੀਪ ਸੁਪਰਡੈਂਟ ਬਿਜਲੀ ਬੋਰਡ ਯੁਗਾਂਸੂ ਸਿੰਗਲਾ ਬਿਜਲੀ ਬੋਰਡ, ਰਾਜੇਸ਼ ਸਿੰਘ ਬੰਟੀ ਜੇ ਈ, ਸੁਖਵਿੰਦਰ ਸਿੰਘ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ, ਪੱਤਰਕਾਰ ਕੁਲਵਿੰਦਰ ਕਾਲਾ ਰਮਨਦੀਪ ਧਾਲੀਵਾਲ, ਮਾਹੀ ਸ਼ੇਰਗਿੱਲ, ਜਰਨੈਲ ਸਿੰਘ ਠੀਕਰੀਵਾਲ, ਬਲਜਿੰਦਰ ਸਿੰਘ ਚੌਹਾਨ, ਅਵਤਾਰ ਸਿੰਘ ਫਰਵਾਹੀ ਆਦਿ ਨੇ ਚੰਚਲ ਸ਼ਰਮਾ ਨੂੰ ਆਸ਼ੀਰਵਾਦ ਦਿੱਤਾ। ਗੁਰਪ੍ਰੀਤ ਸਿੰਘ, ਪ੍ਰਦੀਪ ਕੁਮਾਰ ਤੇ ਜਸਪ੍ਰੀਤ ਸ਼ਰਮਾ ਵੱਲੋਂ ਪ੍ਰੋਗਰਾਮ ਦੀ ਸਫ਼ਲਤਾ ਲਈ ਵਧੀਆ ਢੰਗ ਨਾਲ ਡਿਊਟੀ ਨਿਭਾਈ ਗਈ। ਅੰਤ ਚ ਸਭਨਾਂ ਨੇ ਮਿਲ ਕੇ ਪ੍ਰੀਤੀ ਭੋਜ ਕੀਤਾ। ਸੀਨੀਅਰ ਪੱਤਰਕਾਰ ਬਲਵਿੰਦਰ ਸ਼ਰਮਾ ਤੇ ਉਹਨਾਂ ਦੀ ਪਤਨੀ ਪਿੰਕੀ ਸ਼ਰਮਾ ਨੇ ਰਿਸ਼ਤੇਦਾਰਾਂ ਅਤੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਹ ਪ੍ਰੋਗਰਾਮ ਨਿੱਘੀਆਂ ਅਤੇ ਮਿੱਠੀਆਂ ਯਾਦਾਂ ਛੱਡ ਗਿਆ।

# ਰੁੱਖ ਲਗਾਉ ਵਾਤਾਵਰਣ ਬਚਾਉ’ ਸੰਸਥਾ ਨੇ ਕੌਂਸਲ ਪ੍ਰਧਾਨ ਲੱਧੜ, ਮਹਿਮੀ, ਰੂਪਰਾਏ ਦੀ ਹਾਜਰੀ ’ਚ ਲਗਾਏ ਬੂਟੇ

## ਵਾਤਾਵਰਣ ਪ੍ਰੇਮੀ ਪ੍ਰਿੰਸ ਤੇ ਸੰਸਥਾ ਮੈਂਬਰਾਂ ਦੀ ਕਾਰਗੁਜ਼ਾਰੀ ਸ਼ਲਾਘਾਯੋਗ-ਲੱਧੜ, ਮਹਿਮੀ, ਰੂਪਰਾਏ, ਘਈ




ਖੰਨਾ, ( ਸੁਖਚੈਨ ਮਹਿਰਾ) -ਵਾਤਾਵਰਣ ਪ੍ਰੇਮੀ ਹਰਪ੍ਰੀਤ ਸਿੰਘ ਪ੍ਰਿੰਸ ਦੀ ਅਗਵਾਈ ’ਚ ਅੱਜ ‘ਰੁੱਖ ਲਗਾਉ ਵਾਤਾਵਰਣ ਬਚਾਉ’ ਸੰਸਥਾ ਦੇ ਮੈਂਬਰਾਂ ਨੇ ਵਾਰਡ ਨੰਬਰ 28 ’ਚ ਸ਼ੀਤਲਾ ਮਾਤਾ ਮੰਦਿਰ, ਸ਼ਮਸ਼ਾਨਘਾਟ ਵਾਲੇ ਸਥਾਨ ’ਤੇ ਵੱਖ ਵੱਖ ਕਿਸਮਾਂ ਦੇ ਬੂਟੇ ਲਗਾਏ। ਇਸ ਮੌਕੇ ਵਾਰਡ ਦੇ ਕੌਂਸਲਰ ਅਤੇ ਨਗਰ ਕੌਂਸਲ ਪ੍ਰਧਾਨ ਕਮਲਜੀਤ ਸਿੰਘ ਲੱਧੜ ਤੋਂ ਇਲਾਵਾ ਹਲਕਾ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਦੇ ਦਫਤਰ ਇੰਚਾਰਜ ਕੁਲਵੰਤ ਸਿੰਘ ਮਹਿਮੀ, ਲਾਇਨਜ਼ ਕਲੱਬ ਗਰੇਟਰ ਦੇ ਕੈਬਨਿਟ ਮੈਂਬਰ ਧਰਮਿੰਦਰ ਸਿੰਘ ਰੂਪਰਾਏ ਅਤੇ ਕੌਂਸਲਰ ਸੰਦੀਪ ਘਈ ਵਿਸ਼ੇਸ਼ ਤੌਰ ’ਤੇ ਹਾਜਰ ਸਨ, ਜਿਹਨਾਂ ਦਾ ਸਮੂਹ ਮੈਂਬਰਾਂ ਨੇ ਹਾਰ ਪਾ ਕੇ ਸਵਾਗਤ ਕੀਤਾ। ਪ੍ਰੋਜੈਕਟ ਇੰਚਾਰਜ ਡਾ. ਰਾਹੁਲ ਸ਼ੁਕਲਾ ਨੇ ਦੱਸਿਆ ਕਿ ਇਸ ਮੌਕੇ ਸੰਸਥਾ ਦੇ ਮੈਂਬਰਾਂ ਨੇ ਖੁਦ ਟੋਏ ਪੁੱਟੇ ਅਤੇ ਮਹਿਮਾਨਾਂ ਦੇ ਨਾਲ ਬੂਟੇ ਲਗਾਏ। ਨਗਰ ਕੌਂਸਲ ਪ੍ਰਧਾਨ ਕਮਲਜੀਤ ਸਿੰਘ ਲੱਧੜ ਨੇ ਸੰਸਥਾ ਮੈਂਬਰਾਂ ਦੀ ਸ਼ਲਾਘਾ ਕਰਦੇ ਕਿਹਾ ਕਿ ਉਹਨਾਂ ਨੂੰ ਬਹੁਤ ਖੁਸ਼ੀ ਹੈ ਕਿ ਇਸ ਅਸਥਾਨ ’ਤੇ ਅੱਜ ਤੀਸਰੇ ਸਾਲ ਉਹਨਾਂ ਨੂੰ ਵਾਤਾਵਰਣ ਪ੍ਰੇਮੀ ਹਰਪ੍ਰੀਤ ਸਿੰਘ ਪ੍ਰਿੰਸ ਅਤੇ ਸੰਸਥਾ ਦੇ ਮੈਂਬਰਾਂ ਨਾਲ ਮਿਲਕੇ ਬੂਟੇ ਲਗਾਉਣ ਦਾ ਅਵਸਰ ਮਿਲਿਆ ਹੈ। ਪ੍ਰਧਾਨ ਲੱਧੜ ਨੇ ਕਿਹਾ ਕਿ ਸੰਸਥਾ ਦੇ ਮੈਂਬਰਾਂ ਵੱਲੋਂ ਇਸ ਅਸਥਾਨ ’ਤੇ ਲਗਾਏ ਬੂਟੇ ਹੁਣ ਵੱਡੇ ਹੋ ਕੇ ਠੰਡੀਆਂ ਹਵਾਵਾਂ ਦੇ ਰਹੇ ਹਨ। ‘ਆਪ’ ਆਗੂ ਕੁਲਵੰਤ ਸਿੰਘ ਮਹਿਮੀ ਨੇ ਕਿਹਾ ਕਿ ਉਹ ਵੀ ਹਰਪ੍ਰੀਤ ਸਿੰਘ ਪ੍ਰਿੰਸ ਦੇ ਸੱਦੇ ’ਤੇ ਲਗਾਤਾਰ ਤੀਸਰੇ ਸਾਲ ਬੂਟੇ ਲਗਾਉਣ ਦੀ ਮੁਹਿੰਮ ਦਾ ਹਿੱਸਾ ਬਣ ਰਹੇ ਹਨ। ਮਹਿਮੀ ਨੇ ਕਿਹਾ ਕਿ ‘ਰੁੱਖ ਲਗਾਉ ਵਾਤਾਵਰਣ ਬਚਾਉ’ ਸੰਸਥਾ ਦੇ ਸਮੂਹ ਮੈਂਬਰਾਂ ਦੀ ਜਿੰਨੀ ਸ਼ਲਾਘਾ ਕੀਤੀ ਜਾਵੇ, ਉਹ ਥੋੜੀ ਹੈ ਕਿਉਂਕਿ ਪਿਛਲੇ ਸਾਲਾਂ ’ਚ ਸੰਸਥਾ ਦੇ ਮੈਂਬਰਾਂ ਵੱਲੋਂ ਲਗਾਏ ਬੂਟੇ ਵੱਧ ਫੁੱਲਕੇ ਹੁਣ ਜੰਗਲ ਦਾ ਦ੍ਰਿਸ਼ ਪੇਸ਼ ਕਰ ਰਹੇ ਹਨ। ਲਾਇਨ ਧਰਮਿੰਦਰ ਸਿੰਘ ਰੂਪਰਾਏ ਨੇ ਕਿਹਾ ਕਿ ਉਹ ਪਹਿਲੀ ਵਾਰ ਇਸ ਅਸਥਾਨ ’ਤੇ ਆਏ ਹਨ ਪਰ ਇੱਥੇ ਆ ਕੇ ਮਨ ਨੂੰ ਸ਼ਾਂਤੀ ਤੇ ਖੁਸ਼ੀ ਮਹਿਸੂਸ ਹੋ ਰਹੀ ਹੈ। ਰੂਪਰਾਏ ਨੇ ਸਮੂਹ ਮੈਂਬਰਾਂ ਦੀ ਸ਼ਲਾਘਾ ਕਰਦੇ ਹੋਏ ਹਰਕੇ ਮਨੁੱਖ ਨੂੰ ਬੂਟੇ ਲਗਾਕੇ ਪਾਲਣ ਪੋਸ਼ਣ ਕਰਨ ਦੀ ਅਪੀਲ ਕੀਤੀ। ਕੌਂਸਲਰ ਸੰਦੀਪ ਘਈ ਨੇ ਸੰਸਥਾ ਦੇ ਮੈਂਬਰਾਂ ਵੱਲੋਂ ਵਾਤਾਵਰਣ ਬਚਾਉਣ ਲਈ ਕੀਤੇ ਜਾ ਰਹੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਹਰਪ੍ਰੀਤ ਸਿੰਘ ਪ੍ਰਿੰਸ ਨੇ ਹੌਂਸਲਾ ਅਫ਼ਜ਼ਾਈ ਕਰਨ ਲਈ ਜਿੱਥੇ ਸਮੂਹ ਮਹਿਮਾਨਾਂ ਦਾ ਧੰਨਵਾਦ ਕੀਤਾ, ਉਥੇ ਸੰਸਥਾ ਦੇ ਮੈਂਬਰਾਂ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਰੱਜਕੇ ਤਾਰੀਫ਼ ਕੀਤੀ। ਉਹਨਾਂ ਤੰਦਰੁਸਤ ਸਮਾਜ ਅਤੇ ਮਨੁੱਖੀ ਜੀਵਨ ’ਚ ਰੁੱਖਾਂ ਦੇ ਮਹੱਤਵ ਬਾਰੇ ਬੋਲਦਿਆਂ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ ਅਤੇ ਚੌਗਿਰਦੇ ਨੂੰ ਹਰਿਆ ਭਰਿਆ ਰੱਖਣ ਦਾ ਸੱਦਾ ਦਿੱਤਾ। ਇਸ ਮੌਕੇ ਪ੍ਰੋਜੈਕਟ ਇੰਚਾਰਜ ਡਾ. ਰਾਹੁਲ ਸ਼ੁਕਲਾ, ਵਾਤਾਵਰਣ ਪ੍ਰੇਮੀ ਸ਼ੇਰ ਸਿੰਘ, ਸੋਸ਼ਲ ਮੀਡੀਆ ਇੰਚਾਰਜ ਵਿਕਾਸ ਗੁਪਤਾ, ਪਰਮਜੀਤ ਸਿੰਘ ਪੰਮੀ, ਸਤੀਸ਼ ਕੁਮਾਰ ਖੁਰਮੀ, ਕੌਂਸਲਰ ਸੰਦੀਪ ਘਈ, ਮਨਦੀਪ ਸਿੰਘ, ਜਸਵੀਰ ਸਿੰਘ ਜੱਸੀ, ਕਾਲਾ, ਰਾਜ ਕੁਮਾਰ, ਮਨਪ੍ਰੀਤ ਸਿੰਘ, ਕੁਲਵੀਰ ਸਿੰਘ ਆਦਿ ਹਾਜਰ ਸਨ।

# ਜਨਤਾ ਦਰਬਾਰ ਚ ਬੋਲੇ ਵਿਧਾਇਕ ਰੰਧਾਵਾ ਆਪਣੇ ਹਲਕੇ ਦੀ ਸੇਵਾ ਕਰਨ ਲਈ ਹਾਂ ਵਚਨਬੱਧ



ਡੇਰਾਬੱਸੀ, (ਲੋਕ ਬਾਣੀ) ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਆਪਣੇ ਪਿੰਡ ਰੰਧਾਵਾ ਫਾਰਮ ਬਾਕਰਪੁਰ ਵਿਖੇ ਜਨਤਾ ਦਰਬਾਰ ਵਿੱਚ ਹਲ਼ਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਜਨਤਾ ਦਰਬਾਰ ਵਿੱਚ ਵੱਖ-ਵੱਖ ਪਿੰਡਾਂ ਅਤੇ ਕਸਬਿਆਂ ਦੇ ਵਸਨੀਕਾਂ ਨੇ ਸੀਵਰੇਜ, ਪੀਣ ਵਾਲੇ ਪਾਣੀ, ਗਲੀਆਂ-ਨਾਲੀਆਂ ਅਤੇ ਹੋਰ ਵਿਕਾਸ ਕਾਰਜਾਂ ਸਬੰਧੀ ਆਪਣੀਆਂ ਸਮੱਸਿਆਵਾਂ ਰੱਖੀਆਂ ਅਤੇ ਉਨ੍ਹਾਂ ਦੇ ਹੱਲ ਦੀ ਮੰਗ ਕੀਤੀ। ਵਿਧਾਇਕ ਰੰਧਾਵਾ ਨੇ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਸਮੇਂ ਸਿਰ ਸਮੱਸਿਆਵਾਂ ਦੇ ਹੱਲ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਵਿਧਾਇਕ ਕੁਲਜੀਤ ਰੰਧਾਵਾ ਨੇ ਅਧਿਕਾਰੀਆਂ ਨੂੰ ਲੋਕਾਂ ਦੀਆਂ ਸਮੂਹਿਕ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨ ਲਈ ਕਿਹਾ। ਉਨ੍ਹਾਂ ਸ਼ਿਕਾਇਤਾਂ ਦੀ ਪ੍ਰਗਤੀ ਰਿਪੋਰਟ ਅਗਲੇ ਜਨਤਾ ਦਰਬਾਰ ਵਿੱਚ ਪੇਸ਼ ਕਰਨ ਲਈ ਵੀ ਕਿਹਾ। ਵਿਧਾਇਕ ਰੰਧਾਵਾ ਨੇ ਕਿਹਾ ਕਿ ਮੁੱਖਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਦੀ ਆਪ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਤਰਫੋਂ ਵਿਧਾਇਕਾਂ ਨੂੰ ਪਹਿਲਾਂ ਹੀ ਹਦਾਇਤ ਕੀਤੀ ਗਈ ਹੈ ਕਿ ਉਹ ਆਪਣੇ ਹਲਕਿਆਂ ਵਿੱਚ ਰਹਿ ਕੇ ਸਥਾਨਕ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨ। ਵਿਧਾਇਕ ਨੇ ਕਿਹਾ ਕਿ ਤੁਹਾਡੀ ਸਰਕਾਰ ਸੂਬੇ ਦੇ ਲੋਕਾਂ ਨੂੰ ਵਧੀਆ ਪ੍ਰਸ਼ਾਸਨ ਦੇਣ ਲਈ ਵਚਨਬੱਧ ਹੈ। ਸਰਕਾਰ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਯਤਨਸ਼ੀਲ ਹੈ ਅਤੇ ਲੋਕਾਂ ਨੂੰ ਭ੍ਰਿਸ਼ਟਾਚਾਰ ਮੁਕਤ ਅਤੇ ਪਾਰਦਰਸ਼ੀ ਢੰਗ ਨਾਲ ਵਿਕਾਸ ਦੀਆਂ ਸਹੂਲਤਾਂ ਮਿਲਣਾ ਯਕੀਨੀ ਬਣਾਉਣ ਲਈ ਯਤਨਸ਼ੀਲ ਹੈ। ਰੰਧਾਵਾ ਨੇ ਕਿਹਾ ਕਿ ਇੱਕ ਲੋਕ ਸੇਵਕ ਹੋਣ ਦੇ ਨਾਤੇ, ਇਹ ਮੇਰਾ ਫਰਜ਼ ਹੈ ਕਿ ਮੈਂ ਲੋਕਾਂ ਦੀ ਗੱਲ ਸੁਣਾਂ ਅਤੇ ਉਹਨਾਂ ਦੇ ਮਸਲਿਆਂ ਦੇ ਹੱਲ ਲਈ ਕੰਮ ਕਰਾਂ। ਮੈਂ ਆਪਣੇ ਹਲਕੇ ਦੀ ਸੇਵਾ ਕਰਨ ਲਈ ਵਚਨਬੱਧ ਹਾਂ ਅਤੇ ਭਵਿੱਖ ਵਿੱਚ ਵੀ ਅਜਿਹੇ ਜਨਤਾ ਦਰਬਾਰ ਲਗਾਉਂਦਾ ਰਹਾਂਗਾ।

# ਖਰੜ ਦੇ ਵਾਰਡ ਨੰਬਰ 14 ਦੇ ਨਿਵਾਸੀ ਸੀਵਰੇਜ ਦਾ ਗੰਦਾ ਪਾਣੀ ਪੀਣ ਮਿਲਣ ਕਾਰਨ ਟੈਂਕਰਾਂ ਦਾ ਪਾਣੀ ਪੀਣ ਲਈ ਹੋ ਰਹੇ ਮਜਬੂਰ



ਖਰੜ, (ਕਾਲਾ ਸਿੰਘ ਸੈਣੀ )- ਖਰੜ ਸ਼ਹਿਰ ਦੇ ਸਵਰਾਜ ਇਨਕਲੇਵ ਦੇ ਵਾਰਡ ਨੰਬਰ 14 'ਚ ਪਿਛਲੇ ਕਈ ਦਿਨਾਂ ਤੋਂ ਪੀਣ ਵਾਲੇ ਪਾਣੀ ਵਿਚ ਸੀਵਰੇਜ ਦਾ ਗੰਦਾ ਪਾਣੀ ਮਿਲਣ ਸਥਾਨਕ ਨਿਵਾਸੀਆਂ ਲਈ ਵੱਡੀ ਸਮੱਸਿਆ ਖੜੀ ਹੋ ਗਈ ਹੈ। ਇਸ ਸਬੰਧੀ ਅੱਜ ਵਾਰਡ ਦੇ ਵਸਨੀਕਾਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਨਗਰ ਕੌਂਸਲ ਵਲੋਂ ਪੀਣ ਵਾਲੇ ਪਾਣੀ ਦੀ ਪਾਈਪ ਲਾਈਨ ਕਿਸੇ ਹੋਰ ਕਲੋਨੀ ਦੇ ਨਾਲ ਜੋੜਨ ਕਾਰਨ ਉਨਾਂ ਦੇ ਘਰਾਂ ਵਿੱਚ ਪੀਣ ਵਾਲੇ ਪਾਣੀ 'ਚ ਸੀਵਰੇਜ ਦਾ ਗੰਦਾ ਪਾਣੀ ਮਿਲ ਕੇ ਆ ਰਿਹਾ ਹੈ। ਉਨਾਂ ਰੋਸ ਪ੍ਰਗਟ ਕਰਦਿਆਂ ਦੱਸਿਆ ਕਿ ਉੱਪਰੋਂ ਬਰਸਾਤਾਂ ਦੇ ਦਿਨ ਹਨ ਉਨਾਂ ਦੀਆਂ ਪਾਣੀ ਦੀਆਂ ਟੈਂਕੀਆਂ ਰਾਹੀ ਟੂਟੀਆਂ ਰਾਹੀ ਰਸੋਈਆਂ ਤੱਕ ਪਹੁੰਚ ਗਿਆ ਹੈ। ਜਿਸ ਕਾਰਨ ਵਾਰਡ ਨਿਵਾਸੀਆਂ 'ਚ ਭਿਆਨਕ ਬਿਮਾਰੀਆਂ ਫੈਲਣ ਦਾ ਡਰ ਬਣਿਆ ਹੋਇਆ ਹੈ। ਉਨਾਂ ਦੱਸਿਆ ਕਿ ਜਿਸ ਕਾਰਨ ਅਸੀਂ ਟੈਂਕਰਾਂ ਦਾ ਪਾਣੀ ਪੀਣ ਲਈ ਮਜਬੂਰ ਹੋ ਰਹੇ ਹਨ। ਉਨਾਂ ਦੱਸਿਆ ਕਿ ਕਈ ਦਿਨਾਂ ਤੋਂ ਰਸਤਾ ਬੰਦ ਹੋਣ ਕਾਰਨ ਵੀ ਰਾਹਗੀਰਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨਾਂ ਦੱਸਿਆ ਕਿ ਇਸ ਸਬੰਧੀ ਕਈ ਵਾਰੀ ਨਗਰ ਕੌਂਸਲ ਸਿਕਾਇਤ ਵੀ ਕੀਤੀ ਗਈ ਹੈ,ਨਗਰ ਕੌਂਸਲ ਦਾ ਮੁਲਾਜ਼ਮ ਚੈੱਕ ਕਰਕੇ ਚਲਾ ਜਾਂਦਾ ਹੈ। ਪਰ ਸਮੱਸਿਆ ਦਾ ਹੁਣ ਤੱਕ ਕੋਈ ਹਲ ਨਹੀਂ ਕੱਢਿਆ ਗਿਆ। ਉਨਾਂ ਦੱਸਿਆ ਕਿ ਥੋੜੀ ਜਿਹੀ ਬਰਸਾਤ ਹੋਣ ਤੋਂ ਹੀ ਉਨਾਂ ਸੀਵਰੇਜ ਦਾ ਗੰਦਾ ਪਾਣੀ ਉਨਾਂ ਦੇ ਘਰਾਂ 'ਚ ਆ ਜਾਂਦਾ ਹੈ। ਉਨਾਂ ਕਿਹਾ ਕਿ ਜੇਕਰ ਜਲਦੀ ਇਸ ਸਮੱਸਿਆ ਦਾ ਹੱਲ ਨਾ ਕੀਤੀ ਗਿਆ ਤਾਂ ਉਹ ਨਗਰ ਕੌਂਸਲ ਖਿਲਾਫ ਰੋਸ ਧਰਨਾ ਦੇਣ ਲਈ ਮਜਬੂਰ ਹੋਣਗੇ। ਇਸ ਮੌਕੇ ਦਿਲਬਾਗ ਸਿੰਘ,ਤੇਜਿੰਦਰ ਸਿੰਘ,ਦਰਸ਼ਨ ਸਿੰਘ,ਰੋਹਿਤ ਕੁਮਾਰ,ਗੁਰਪ੍ਰੀਤ ਸਿੰਘ,ਅਮਰੀਕ ਸਿੰਘ,ਅਨੀਲ ਕੁਮਾਰ,ਇਕਬਾਲ ਸਿੰਘ,ਦਮਨ,ਹਰਜੀਤ ਸਿੰਘ ਪੰਨੂੰ,ਗੁਰਵਿੰਦਰ ਕੌਰ,ਪਰਮਜੀਤ ਕੌਰ,ਬਲਜਿੰਦਰ ਕੌਰ ਸਮੇਤ ਸਵਰਾਜ ਇਨਕਲੇਵ ਦੇ ਨਿਵਾਸੀ ਹਾਜ਼ਰ ਸਨ।

# ਹਨੂੰਮਾਨ ਮੰਦਿਰ ਖਰੜ ਤੋਂ ਵਿਸ਼ਾਲ ਯਾਤਰਾ 25 ਜੁਲਾਈ ਨੂੰ ਸ਼ੁਰੂ ਹੋ ਕੇ ਦੁਰਗਿਆਨਾ ਮੰਦਿਰ ਪਹੁੰਚੇਗੀ:ਅਮਿਤ ਸ਼ਰਮਾ



ਖਰੜ,-(ਕਾਲਾ ਸਿੰਘ ਸੈਣੀ ) -ਸ੍ਰੀ ਹਿਦੂ ਤਖਤ ਦੇਵ ਅਮਿਤ ਸ਼ਰਮਾ ਰਾਸ਼ਟਰੀ ਪ੍ਰਚਾਰਕ ਦੀ ਅਗਵਾਈ ਹੇਠ ਖਰੜ ਵਿਖੇ ਇਕ ਵਿਸ਼ੇਸ਼ ਮੀਟਿੰਗ ਹੋਈ। ਮੀਟਿੰਗ ਵਿੱਚ ਕਈ ਅਹਿਮ ਮੁਦਿਆਂ ਨੂੰ ਲੈ ਕੇ ਵਿਚਾਰ ਚਰਚਾ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸੰਤ ਸਮਾਜ ਤੋਂ ਸ਼ੰਕਰਾ ਨੰਦ ਗਿਰੀ ਮਹਾਰਾਜ ਸ੍ਰੀ ਕਾਲੀ ਮਾਤਾ ਮੰਦਿਰ ਪਟਿਆਲਾ ਤੋਂ ਇਲਾਵਾ ਸ਼ਿਵ ਸੈਨਾ ਹਿੰਦੁਸਤਾਨ ਯੂਥ ਸੂਬਾ ਪ੍ਰਧਾਨ ਅਰਵਿੰਦ ਗੌਤਮ,ਸ਼ਿਵ ਸੈਨਾ ਪੰਜਾਬ ਪ੍ਰਮੁੱਖ ਗੁਰਮੀਤ ਸਿੰਘ ਲਾਡੀ,ਚੰਡੀਗੜ ਤੋਂ ਹਿਦੂ ਤਖਤ ਪ੍ਰਦੇਸ਼ ਪ੍ਰਮੁੱਖ ਮਨੀਸ਼ ਦੂਬੇ,ਹਿਦੂ ਤਖਤ ਦੇ ਰਾਸ਼ਟਰੀ ਬੁਲਾਰੇ ਅਸ਼ੋਕ ਤਿਵਾੜੀ,ਹਿਦੂ ਤਖਤ ਯੂਥ ਸੂਬਾ ਪ੍ਰਧਾਨ ਨਮੇਸ਼ ਰਾਜਪੂਤ,ਮੀਤ ਪ੍ਰਧਾਨ ਨਵਦੀਪ ਮਨਕਟੀਆ,ਪਟਿਆਲਾ ਤੋਂ ਪ੍ਰਭਾਰੀ ਵਰਿੰਦਰ ਕੁਮਾਰ ਗੁਪਤਾ,ਪੰਜਾਬ ਪ੍ਰਚਾਰਕ ਸ੍ਰੀ ਹਿਦੂ ਤਖਤ ਮੁਕੇਸ਼ ਸ਼ਰਮਾ ਅਤੇ ਪੰਜਾਬ ਪ੍ਰਭਾਰੀ ਸ਼ੁਭਮ ਸਹੋਤਾ ਨੇ ਸ਼ਿਰਕਤ ਕੀਤੀ। ਮੀਟਿੰਗ ਨੂੰ ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕੀਤਾ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਦੇਵ ਅਮਿਤ ਸ਼ਰਮਾ ਨੇ ਕਿਹਾ ਕਿ ਮੇਰੀ ਤਾਕਤ ਸਨਾਤਨ ਹਿਦੂ ਸਮਾਜ ਹੈ। ਉਸ ਤਾਕਤ ਨੂੰ ਮੁੱਖ ਰੱਖਦੇ ਹੋਏ 25 ਜੁਲਾਈ ਨੂੰ ਪਰਚੀਨ ਹਨੂੰਮਾਨ ਮੰਦਿਰ ਮੁੰਡੀ ਖਰੜ ਤੋਂ ਇੱਕ ਹਿੰਦੂਆਂ ਦਾ ਕਾਫਲਾ ਜਿਸ ਦੀ ਅਗਵਾਈ ਸੰਤ ਸਮਾਜ ਦੀ ਦੇਖ ਰੇਖ ਵਿੱਚ ਹੋਵੇਗੀ। ਇਸ ਵਿਸ਼ਾਲ ਯਾਤਰਾ ਹਿਦੂ ਸੰਗਠਨਾਂ ਦੇ ਆਗੂਆਂ ਸਹਿਤ ਭਗਤਾਂ ਧਾਰੀ ਤਿਲਕਧਾਰੀ ਹੋਕ ਕੱਢੀ ਜਾਵੇਗੀ। ਉਨਾਂ ਦੱਸਿਆ ਕਿ ਇਹ ਵਿਸ਼ਾਲ ਯਾਤਰਾ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਤੋਂ ਹੁੰਦੇ ਹੋਏ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਦੁਰਗਿਆਣਾ ਮੰਦਿਰ ਸ੍ਰੀ ਅੰਮ੍ਰਿਤਸਰ ਸਾਹਿਬ ਪਹੁੰਚੇਗੀ। ਉਨਾਂ ਦੱਸਿਆ ਕਿ ਇਸ ਯਾਤਰਾ ਦਾ ਵੱਖ-ਵੱਖ ਧਰਮਾਂ ਦੇ ਲੋਕਾਂ ਵਲੋਂ ਸਵਾਗਤ ਕੀਤਾ ਜਾਵੇਗਾ। ਯਾਤਰਾ ਦਾ ਮੁੱਖ ਏਜੰਡਾ ਪੰਜਾਬ 'ਚ ਘੱਟ ਗਿਣਤੀ ਭਾਈਚਾਰੇ ਤੇ ਹੋ ਰਹੇ ਲਗਾਤਾਰ ਤਸ਼ੱਦਦ ਨੂੰ ਠੱਲ ਪਾਉਣਾ ਅਤੇ ਘੱਟ ਗਿਣਤੀ ਲੋਕਾਂ ਦੇ ਮਨੋਬਲ ਨੂੰ ਵਧਾਉਣ ਲਈ ਪੰਜਾਬ ਦੀ ਜਨਤਾ ਨੂੰ ਜਾਗਰੂਕ ਕੀਤਾ ਜਾਵੇਗਾ। ਇਸ ਮੌਕੇ ਜਿਲਾ ਮੋਹਾਲੀ ਤੋਂ ਪ੍ਰੇਮ ਕੁਮਾਰ,ਮੁਨਾ,ਅਮਿਤ ਮਿਸ਼ਰਾ,ਪੰਚਮ ਚੌਹਾਨ,ਦਕਸ਼,ਟੰਡਨ,ਨੀਰਜ ਦੂਬੇ,ਰਕੇਸ਼ ਦੂਬੇ,ਨਰਿੰਦਰ ਰਾਏ,ਮੁਨੀਸ਼ ਸਿੰਘ,ਰਿਸ਼ੀ ਕੁਮਾਰ,ਲਹਿਰੀ,ਪੰਕਜ ਗਿਰੀ,ਅਰੁਣ ਸਾਹਨੀ,ਰਣਜੀਤ ਸਿੰਘ,ਰਾਕੇਸ਼ ਕੁਮਾਰ,ਮਦਨ ਲਾਲ,ਰੋਬਿਨ ਗਰੋਵਰ,ਭਾਨੂ ਪ੍ਰਤਾਪ,ਰਾਜੀਵ ਵਰਮਾ,ਸ਼ਿਵ ਕੁਮਾਰ,ਸੱਤਿਆ ਪ੍ਰਕਾਸ਼ ਤਿਵਾੜੀ,ਰਾਜ ਕੁਮਾਰ,ਰਾਜੇਸ਼ ਕੁਮਾਰ,ਆਦਿਤ ਕੁਮਾਰ,ਰਾਜਿੰਦਰ ਕੁਮਾਰ,ਵਿਕਾਸ਼ ਜੋਸ਼ੀ,ਪੁਨੀਤ ਕੁਮਾਰ,ਗੁਰੂ ਪੰਡਿਤ,ਗੁਲਸ਼ਨ ਡੋਗਰਾ,ਤਰੁਣ ਭੰਡਾਰੀ ਆਦਿ ਹਾਜ਼ਰ ਸਨ।

# ਵਿਦਿਆਰਥਣਾਂ ਨੂੰ ਉਚੇਰੀ ਸਿੱਖਿਆ ਲਈ ਸਹਾਇਤਾ ਕੀਤੀ



ਖਰੜ, (ਕਾਲਾ ਸਿੰਘ ਸੈਣੀ):- ਸੀਨੀਅਰ ਸੈਕੰਡਰੀ ਸਕੂਲ ਡੱਲਾ ਦੀਆਂ ਵਿਦਿਆਰਥਣਾਂ ਕੁਲਵਿੰਦਰ ਕੌਰ ਦੀ ਉਚੇਰੀ ਵਿਦਿਆ ਹਾਸਲ ਕਰਨ ਤੇ 24410 ਰੁਪਏ, ਕਮਲਪ੍ਰੀਤ ਕੌਰ ਨੂੰ 34700 ਰੁਪਏ, ਰੱਜੀ ਨੂੰ 34760 ਰੁਪਏ ਦੀ ਸਲਾਨਾ ਫੀਸ ਅਦਾ ਕਰਕੇ ਸ੍ਰੀ ਗੁਰੂ ਰਵਿਦਾਸ ਸਭਾ ਖਰੜ ਵਲੋਂ ਆਰਥਿਕ ਸਹਾਇਤਾ ਕੀਤੀ ਗਈ। ਸਭਾ ਦੇ ਨੁਮਾਇੰਦੇ ਹਰਨਾਮ ਸਿੰਘ ਡੱਲਾ ਨੇ ਦਸਿਆ ਕਿ ਉਕਤ ਤਿੰਨੇ ਵਿਦਿਆਰਥਣਾਂ ਨੂੰ 93870 ਰੁਪਏ ਦੀ ਰਾਸ਼ੀ ਦੇ ਚੈਕ ਦੇ ਕੇ ਸਬੰਧਤ ਕਾਲਜਾਂ ਵਿਚ ਦਾਖਲਾ ਲੈਣ ਲਈ ਪ੍ਰੇਰਨਾ ਵੀ ਕੀਤੀ ਕਿਉਕਿ ਇਸ ਸਬੰਧੀ ਸੰਸਥਾ ਨਾਲ ਸਕੂਲ ਦੀ ਪ੍ਰਿੰਸੀਪਲ ਕੁਲਦੀਪ ਕੌਰ ਵਲੋਂ ਤਾਲਮੇਲ ਕਰਕੇ ਆਰਥਿਕ ਸਹਾਇਤਾ ਲਈ ਬੇਨਤੀ ਕੀਤੀ ਸੀ। ਸਕੂਲ ਦੀ ਪ੍ਰਿੰਸੀਪਲ ਕੁਲਦੀਪ ਕੌਰ ਨੇ ਸੰਸਥਾ ਦੇ ਇਸ ਉਪਰਾਲੇ ਲਈ ਧੰਨਵਾਦ ਕੀਤਾ। ਇਸ ਮੌਕੇ ਸਕੂਲ ਦੇ ਸਟਾਫ ਮੈਂਬਰ ਸਮਾਜ ਸੇਵੀ ਡਾ. ਤੇਜਪਾਲ ਸਿੰਘ ਕੰਗ ਸਮੇਤ ਸਕੂਲ ਦੇ ਵਿਦਿਆਰਥੀ ਹਾਜ਼ਰ ਸਨ।

# ਮੰਗਾਂ ਮੰਨੇ ਜਾਣ ਤੇ ਕੌਮੀ ਮਾਰਗ ਤੇ ਲਾਇਆ ਧਰਨਾ ਸਮਾਪਤ



ਭਵਾਨੀਗੜ੍ਹ, (ਲੋਕ ਬਾਣੀ) : ਬੀਤੇ ਦਿਨ ਘਰੇਲੂ ਬਿਜਲੀ ਠੀਕ ਕਰਨ ਦੌਰਾਨ ਕਰੰਟ ਲੱਗਣ ਕਾਰਨ ਫ਼ੌਤ ਹੋਏ ਲਾਈਨਮੈਨ ਦੀ ਲਾਸ਼ ਬਠਿੰਡਾ ਚੰਡੀਗੜ੍ਹ ਕੌਮੀ ਮਾਰਗ ਤੇ ਰੱਖ ਕੇ ਪ੍ਰਦਰਸ਼ਨ ਕਰ ਰਹੀਆਂ ਮੁਲਾਜ਼ਮ ਅਤੇ ਕਿਸਾਨ ਜਥੇਬੰਦੀਆਂ ਦੀਆਂ ਮੰਗਾਂ ਪ੍ਰਸ਼ਾਸਨ ਵੱਲੋ ਮੰਨ ਲਈਆਂ ਗਈਆਂ ਹਨ। ਮੰਗਾਂ ਮੰਨੇ ਜਾਣ ਤੋ ਬਾਅਦ ਪੱਕੇ ਤੌਰ ਤੇ ਲਾਇਆ ਮੋਰਚਾ ਸਮਾਪਤ ਕਰ ਦਿੱਤਾ ਗਿਆ ਹੈ।

ਇਸ ਮੌਕੇ ਪਾਵਰਕੌਮ ਮੁਲਾਜ਼ਮ ਜੁਆਇੰਟ ਫ਼ੋਰਮ ਦੇ ਸੂਬਾਈ ਆਗੂ ਦਵਿੰਦਰ ਸਿੰਘ ਪਸੌਰ, ਗੁਰਪ੍ਰੀਤ ਸਿੰਘ ਗੱਡੀਵਿੰਡ ਨੇ ਦੱਸਿਆ ਕਿ ਪਾਵਰਕੌਮ ਵੱਲੋਂ ਮ੍ਰਿਤਕ ਲਾਇਨ ਮੈਨ ਕਮਲਜੀਤ ਸਿੰਘ ਦੇ ਪਰਿਵਾਰ ਨੂੰ 10 ਲੱਖ ਰੁਪਏ, ਪੈਨਸ਼ਨ ਅਤੇ ਇਕ ਜੀਅ ਨੂੰ ਨੌਕਰੀ ਦਿੱਤੀ ਜਾਵੇਗੀ ਅਤੇ ਡਿਪਟੀ ਕਮਿਸ਼ਨਰ ਸੰਗਰੂਰ ਦੀ ਤਰਫੋਂ 5 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਭਵਾਨੀਗੜ੍ਹ ਪੁਲੀਸ ਵੱਲੋਂ ਆਪਣੇ ਘਰ ਦਾ ਜਨਰੇਟਰ ਚਲਾਉਣ ਵਾਲੀ ਮਹਿਲਾ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ।

# ਜਿਲਾ ਰੂਰਲ ਯੂਥ ਕਲੱਬਜ ਐਸੋਸੀਏਸ਼ਨ ਮਾਨਸਾ ਵੱਲੋਂ 400 ਪੌਦੇ ਲਗਾਏ




ਮਾਨਸਾ ( ਮਨੋਜ ) ਵਿਸ਼ਵ ਵਾਤਾਵਰਣ ਦਿਵਸ ਨੂੰ ਸਮਰਪਿਤ ਮੁਹਿੰਮ ਤਹਿਤ ਪਰਮਵੀਰ ਸਿੰਘ ਡਿਪਟੀ ਕਮਿਸ਼ਨਰ ਮਾਨਸਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਜਿਲਾ ਰੂਰਲ ਯੂਥ ਕਲੱਬਜ ਐਸੋਸੀਏਸ਼ਨ ਮਾਨਸਾ ਵੱਲੋਂ ਪਿੰਡ ਦੂਲੋਵਾਲ ਅਤੇ ਮਾਨਸਾ ਖੁਰਦ ਵਿੱਚ ਵਾਤਾਵਰਣ ਨੂੰ ਬਚਾਉਣ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਸਰਕਾਰੀ ਪ੍ਰਇਮਰੀ ਸਕੂਲ ਵਿਖੇ ਤੇ ਸਟੇਡੀਅਮ ਵਿਖੇ 400 ਪੌਦੇ ਲਗਾਏ ਗਏ। ਇਸ ਤੋਂ ਇਲਾਵਾ , ਅਤੇ ਹੋਰ ਕਈ ਥਾਵਾਂ ਤੇ ਬੂਟੇ ਵੀ ਲਗਾਏ ਗਏ ਇਸ ਬੂਟੇ ਲਗਾਉ ਦੀ ਮਹਿੰਮ ਦੀ ਸੂਰੂਆਤ ਅਮਨਦੀਪ ਸਿੰਘ ਬਲਾਕ ਪ੍ਰਇਮਰੀ ਐਜੋਕੇਸ਼ਨ ਅਫਸਰ ਵੱਲੋਂ ਬੂਟਾ ਲਗਾ ਕੇ ਸੂਰੂਆਤ ਕੀਤੀ ਉਹਨਾਂ ਨੇ ਕਿਹਾ ਕਿ ਜਿਲਾ ਰੂਰਲ ਯੂਥ ਕਲੱਬਜ ਦੀ ਸਹਾਇਤਾ ਨਾਲ ਇਸ ਮਹਿੰਮ ਨੂੰ ਹੋਰ ਤੇਜ ਕੀਤਾ ਜਾਵੇਗਾ ਤੇ ਸੰਸਥਾ ਹੋਰ ਸਹਿਯੋਗ ਦਿਤਾ ਜਾਵੇਗਾ

ਇਸ ਮੌਕੇ ਜਿਲਾ ਰੂਰਲ ਯੂਥ ਕਲੱਬਜ ਐਸੋਸੀਏਸ਼ਨ ਪ੍ਰਧਾਨ ਰਜਿੰਦਰ ਵਰਮਾਂ ਨੇ ਦੱਸਿਆ ਕਿ ਵਾਤਾਵਰਨ ਦਿਨੋ ਦਿਨ ਪ੍ਰਦੂਸ਼ਿਤ ਹੁੰਦਾ ਜਾ ਰਿਹਾ ਵਾਤਾਵਰਨ ਮਨੁੱਖੀ ਜੀਵਨ ਲਈ ਖਤਰਿਆਂ ਭਰਪੂਰ ਹੁੰਦਾ ਜਾ ਰਿਹਾ ਹੈ, ਇਸ ਲਈ ਵਾਤਾਵਰਨ ਦੀ ਸਾਂਭ ਸੰਭਾਲ ਅਤੇ ਸ਼ੁੱਧਤਾ ਲਈ ਸਾਨੂੰ ਹਰ ਇੱਕ ਇਨਸਾਨ ਨੂੰ ਇੱਕ ਇੱਕ ਬੂਟਾ ਲਗਾ ਕੇ ਉਸਦਾ ਪਾਲਣ ਪੋਸ਼ਣ ਜਰੂਰ ਕਰਨਾ ਚਾਹੀਦਾ ਹੈ।ਉਨਾ ਕਿਹਾ ਆਉਣ ਵਾਲੇ ਸਮੇ ਵਿੱਚ ਮਾਤਾ ਗੁਜਰੀ ਭਲਾਈ ਕੇਦਰ ਬੁਢਲਾਡਾ ਤੇ ਆਸਰਾ ਫਾਊਡੇਸ਼ਨ ਬਰੇਟਾ ਤੇ ਯੂਥ ਕਲੱਬਾ ਨਾਲ ਮਿਲੇਕੇ ਹੋਰਾ ਥਾਵਾ ਤੇ ਬੂਟੇ ਲਗਾਏ ਜਾਣਗੇ ਸਭ ਨੂੰ ਬੇਨਤੀ ਕੀਤੀ ਹੈ ਕਿ ਵੱਧ ਤੋਂ ਵੱਧ ਬੂਟੇ ਲਗਾਓ, ਤਾਂ ਜੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰਦੂਸ਼ਣ ਮੁਕਤ ਪੰਜਾਬ ਮਿਲ ਸਕੇ। ਕਿਉਂਕਿ ਪਿਛਲੇ ਦਿਨਾਂ ਦੇ ਦੌਰਾਨ ਜਦੋਂ ਤਾਪਮਾਨ 45 ਡਿਗਰੀ ਤੋਂ ਵੀ ਉੱਪਰ ਚਲਾ ਗਿਆ ਤਾਂ ਲੋਕਾਂ ਵਿੱਚ ਹਾਹਾਕਾਰ ਮੱਚ ਗਈ ਸੀ ਪਰ ਇਸ ਤਾਪਮਾਨ ਨੂੰ ਘਟਾਉਣ ਦੇ ਲਈ ਯਤਨ ਕਰਨ ਦੇ ਲਈ ਕੋਈ ਤਿਆਰ ਹੀ ਨਹੀਂ। ਉਹਨਾਂ ਕਿਹਾ ਕਿ ਵਾਤਾਵਰਨ ਨੂੰ ਬਚਾਉਣਾ ਸਾਡਾ ਸਭਨਾਂ ਦਾ ਸਾਂਝਾ ਤੇ ਮੁਢਲਾ ਫਰਜ਼ ਹੈ। ਇਸ ਲਈ ਜਰੂਰੀ ਹੈ ਕਿ ਇਹਨਾਂ ਬਰਸਾਤ ਦੇ ਦਿਨਾਂ ਵਿੱਚ ਵੱਧ ਤੋਂ ਵੱਧ ਪੌਦੇ ਲਗਾਏ ਜਾਣ ਉਹਨਾਂ ਦਾ ਪਾਲਣ ਪੋਸ਼ਣ ਕੀਤਾ ਜਾਵੇ।

ਇਸ ਤੋਂ ਇਲਾਵਾ ਵਾਤਾਵਰਨ ਨੂੰ ਹਰਿਆ ਭਰਿਆ ਬਣਾਉਣ ਲਈ ਕਲੱਬਾ ਦੇ ਸਾਰੇ ਨੌਜਵਾਨ ਯਤਨਸੀਲ ਹਨ ।ਇਸ ਮੋਕੇ ਦੀਪ ਸਿੰਘ, ਭੋਲਾ ਸਿੰਘ, ਗੱਗੂ ਸਿੰਘ, ਨਰੈਣ ਸਿੰਘ, ਕੁਲਦੀਪ ਸਿੰਘ, ਗੁਰਪ੍ਰੀਤ ਸਿੰਘ, ਰਵੀ ਸਿੰਘ, ਹਰਭਜਨ ਸਿੰਘ ਮੌਜੂਦ ਸਨ

# ਰੁੱਖਾਂ ਅਤੇ ਕੁੱਖਾਂ ਨੂੰ ਬਚਾਉਣਾ ਸਮੇਂ ਦੀ ਲੋੜ ਹੈ-ਰਵਿੰਦਰ ਕੌਰ

ਨਵਾਂਸ਼ਹਿਰ(ਲੋਕ ਬਾਣੀ) - ਧਰਤੀ ਦੀ ਦਿਨੋਂ-ਦਿਨ ਵੱਧ ਰਹੀ ਤਪਸ਼ ਨੂੰ ਘੱਟ ਕਰਨ ਅਤੇ ਸੰਸਾਰ ਵਿੱਚ ਵਿੱਚ ਘੱਟ ਰਹੀ ਕੁੜੀਆਂ ਦੀ ਗਿਣਤੀ ਨੂੰ ਪੂਰਾ ਕਰਨ ਲਈ ਰੁੱਖਾਂ ਅਤੇ ਕੁੱਖਾਂ ਦਾ ਬਚਾਉਣਾ ਬਹੁਤ ਜ਼ਰੂਰੀ ਹੈ,ਇਹ ਸ਼ਬਦ ਸ਼੍ਰੀਮਤੀ ਰਵਿੰਦਰ ਕੌਰ ਜ਼ਿਲ੍ਹਾ ਸਿੱਖਿਆ ਅਫ਼ਸਰ,ਸ਼ਹੀਦ ਭਗਤ ਸਿੰਘ ਨਗਰ ਨੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਬੜਵਾ ਵਿਖੇ ਸਕੂਲਾਂ ਵਿੱਚ ਧਰਤ ਹਰਿਆਵਲ ਮੁਹਿੰਮ ਦਾ ਆਗਾਜ਼ ਵਿਰਾਸਤੀ ਅੰਬਾਂ ਦੇ ਬੂਟੇ ਲਗਾਉਦਿਆਂ ਕਰਦਿਆਂ ਕਹੇ। ਉਨ੍ਹਾਂ ਕਿਹਾ ਕਿ ਅੱਜ ਹੋ ਰਹੀ ਗਲੋਬਲਾਈਜੇਸ਼ਨ ਕਰਕੇ ਧਰੁੱਵਾਂ ਉੱਤੇ ਜੰਮੀ ਬਰਫ਼ ਪਿਘਲ ਰਹੀ ਹੈ। ਜਿਸ ਕਰਕੇ ਧਰਤੀ ਦੀ ਤਪਸ਼ ਦਿਨੋਂ-ਦਿਨ ਵੱਧਦੀ ਜਾ ਰਹੀ ਹੈ। ਜੋ ਕਿ ਮਨੁੱਖਤਾਂ ਲਈ ਬਹੁਤ ਘਾਤਿਕ ਸਿੱਧ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਵਰਤਾਰੇ ਲਈ ਅਸੀਂ ਸਾਰੇ ਦੋਸੀ ਹਾਂ ਕਿਉਂਕਿ ਮਨੁੱਖ ਨੇ ਆਪਣੇ ਨਿੱਜੀ ਹਿੱਤਾਂ ਦੀ ਖਾਤਰ ਕੁਦਰਤ ਨਾਲ ਛੇੜਖਾਨੀ ਕੀਤੀ ਹੈ। ਜਿਸ ਦਾ ਨਤੀਜਾ ਅਸੀਂ ਅੱਜ ਭੁਗਤ ਰਹੇ ਹਾਂ। ਮਨੁੱਖ ਨੇ ਕੁਦਰਤ ਵਲੋਂ ਪੈਦਾ ਕੀਤੇ ਜੰਗਲ,ਨਦੀਆਂ,ਝਰਨੇ ਅਤੇ ਪਹਾੜਾਂ ਨੂੰ ਖ਼ਤਮ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜੇਕਰ ਮਨੁੱਖ ਦਾ ਕੁਦਰਤ ਪ੍ਰਤੀ ਵਰਤਾਰਾ ਅਜਿਹਾ ਹੀ ਰਿਹਾ ਤਾਂ ਉਹ ਦਿਨ ਦੂਰ ਨਹੀਂ ਜਦੋਂ ਸਾਰੀ ਧਰਤ ਦੀ ਲੋਕਾਈ ਸੂਰਜ ਦੀ ਤਪਸ਼ ਵਿਚ ਸੜਕੇ ਸੁਆਹ ਹੋ ਜਾਵੇਗੀ। ਇਸ ਲਈ ਧਰਤੀ ਦੀ ਤਪਸ਼ ਨੂੰ ਘੱਟ ਕਰਨ ਲਈ ਸਾਨੂੰ ਸਾਰਿਆਂ ਨੂੰ ਰਲ ਕੇ ਹਮਲਾ ਮਾਰਨ ਦੀ ਲੋੜ ਹੈ। ਉਨ੍ਹਾਂ ਸਾਰੇ ਸਰਕਾਰੀ ਅਧਿਆਪਕਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਪੜ੍ਹੇ-ਲਿਖੇ ਅਤੇ ਸਮਾਜ ਨੂੰ ਸੇਧ ਦੇਣ ਵਾਲੇ ਜੁੰਮੇਵਾਰ ਇਨਸਾਨ ਹਨ। ਇਸ ਲਈ ਧਰਤ ਹਰਿਆਵਲ ਮੁਹਿੰਮ ਦਾ ਪਹਿਲਾ ਆਪ ਹਿੱਸਾ ਬਨਣ ਅਤੇ ਫਿਰ ਦੂਜਿਆਂ ਨੂੰ ਵੀ ਇਸ ਮਨੁੱਖਤਾਂ ਦੀ ਭਲਾਈ ਦੇ ਕਾਰਜ ਦਾ ਹਿੱਸਾ ਬਨਣ ਲਈ ਪ੍ਰੇਰਿਤ ਕਰਨ। ਉਨ੍ਹਾਂ ਇਹ ਵੀ ਕਿਹਾ ਕਿ ਹਰੇਕ ਅਧਿਆਪਕ ਘੱਟੋ-ਘੱਟ ਪੰਜ ਬੂਟੇ ਆਪ ਲਗਾਵੇ ।ਇਸ ਤੋਂ ਇਲਾਵਾ ਸਕੂਲਾਂ ਵਿੱਚ ਬੱਚਿਆਂ ਨੂੰ ਵੀ ਪ੍ਰੇਰਿਤ ਕੀਤਾ ਜਾਵੇ ਕਿ ਆਪਣੇ ਜਾ ਆਪਣੇ ਭੈਣ-ਭਰਾਵਾਂ ਤੇ ਮਾਤਾ-ਪਿਤਾ ਦੇ ਜਨਮ ਦਿਨ ਵਾਲੇ ਦਿਨ ਘੱਟੋ-ਘੱਟ ਪੰਜ-ਪੰਜ ਬੂਟੇ ਜ਼ਰੂਰ ਲਗਾਉਣ। ਉਨ੍ਹਾਂ ਕਿਹਾ ਅੱਜ ਸਾਨੂੰ ਵਿਰਾਸਤੀ ਬੂਟਿਆਂ ਜਿਵੇਂ ਅੰਬ,ਟਾਹਲੀ,ਬੋਹੜ,ਨਿੰਮ,ਕਿੱਕਰ,
ਪਿੱਪਲ ਅਜਿਹੇ ਬੂਟੇ ਵੱਧ ਤੋਂ ਵੱਧ ਲਗਾਉਣੇ ਚਾਹੀਦੇ ਹਨ। ਉਨ੍ਹਾਂ ਕਿਹਾ ਬੂਟੇ ਲਗਾਉਣ ਤੱਕ ਹੀ ਸੀਮਤ ਨਾ ਹੋਇਆ ਜਾਵੇ,ਸਗੋਂ ਉਸ ਨੂੰ ਪਾਲਣ ਅਤੇ ਵੱਡਾ ਕਰਨ ਦੀ ਜੁੰਮੇਵਾਰੀ ਵੀ ਨਿਭਾਉਣੀ ਸੰਭਾਲਣੀ ਚਾਹੀਦੀ ਹੈ। ਇਸ ਤਰ੍ਹਾਂ ਸਾਡਾ ਵਾਤਾਵਰਨ ਸੁੱਧ ਅਤੇ ਬਿਮਾਰੀਆਂ ਰਹਿਤ ਬਣ ਸਕਦਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਵਰਿੰਦਰ ਕੁਮਾਰ ਉਪ ਜਿਲ੍ਹਾ ਸਿੱਖਿਆ ਅਫ਼ਸਰ ,ਰਮਨ ਕੁਮਾਰ ਬੀ ਐਨ ਓ,ਦਵਿੰਦਰ ਸਿੰਘ ਸੈਂਟਰ ਹੈੱਡ ਟੀਚਰ,ਗੁਰਦਿਆਲ ਮਾਨ,ਰਾਮ ਲਾਲ ਚੇਅਰਮੈਨ



ਟੀਚਰਜ਼ ਵੈਲਫੇਅਰ ਸੁਸਾਇਟੀ,ਬਲਜਿੰਦਰ ਸਿੰਘ,ਸਤਪਾਲ,ਰਣਵੀਰ ਸਿੰਘ,ਦੀਪਕ ਕੁਮਾਰ,ਗਿਆਨ ਕਟਾਰੀਆ,ਜਸਵਿੰਦਰ ਕੌਰ,ਕਮਲਜੀਤ ਕੌਰ,ਪਰਮਜੀਤ ਰਾਣੀ,ਹਰਵਿੰਦਰ ਕੌਰ,ਸੁਖਵਿੰਦਰ ਕੌਰ,ਰਾਮੇਸ਼ ਚੰਦ,ਬਲਵੀਰ ਸਿੰਘ,ਨਰਿੰਦਰ ਸਿੰਘ,ਸੁਖਜਿੰਦਰ ਸਿੰਘ,ਨੀਤੂ,ਜਤਿੰਦਰ ਕੌਰ,ਰਿੰਕੂ ਚੋਪੜਾ ਅਤੇ ਕ੍ਰਿਸ਼ਨ ਕੌਰ ਵੀ ਮੌਜੂਦ ਸਨ।

DIPS INSTITUTIONS
CHAIN OF DIPS INSTITUTIONS
KNOWLEDGE IS POWER
DIPS ITM
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com (dipsimt@gmail.com)
Contact: 95010-00697, 97806-00998

ਹਰ ਰੋਜ਼ ਲੱਗ ਰਹੇ ਹਨ ਵੀਜ਼ਾ ਹੀ ਵੀਜ਼ਾ
ਕੈਨੇਡਾ
ਕੈਨੇਡਾ/ਯੂ. ਕੇ./ ਆਸਟ੍ਰੇਲੀਆਂ ਟੂਰਿਸਟ ਵੀਜ਼ਾ
2155 ਵੀਜ਼ਾ
1 ਜਨਵਰੀ ਤੋਂ 30 ਮਾਰਚ ਤੱਕ ਲੱਗੇ
easyvisa | 8194828282